ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਐਤਵਾਰ, 27 ਸਤੰਬਰ 2026 (ਨਾਨਕਸ਼ਾਹੀ ਸੰਮਤ : ੫੫੮, ੧੧ ਅੱਸੂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਤਰਨਤਾਰਨ 'ਚ ਅਕਾਲੀ ਆਗੂ ਦਾ ਗੋਲੀਆਂ ਮਾਰ ਕੇ ਕਤਲ

**ਲੁਧਿਆਣਾ, 26 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪੁਲਿਸ ਥਾਣਾ ਝਬਾਲ ਅਧੀਨ ਆਉਂਦੇ ਪਿੰਡ ਗੱਗੋ ਬੂਹਾ ਦੇ ਮੌਜੂਦਾ ਸਰਪੰਚ ਕੁਲਵਿੰਦਰ ਕੌਰ ਦੇ ਪਤੀ ਅਕਾਲੀ ਆਗੂ ਨਵਪ੍ਰੀਤ ਸਿੰਘ ਨਵੀ ਦੀ ਬੀਤੀ ਰਾਤ ਗੋਲੀਆਂ ਮਾਰ ਕੇ ਹੱਤਿਆ ਕਰ ਦਿੱਤੀ ਗਈ। ਇਸ ਸੰਬੰਧੀ ਮਿਲੀ ਜਾਣਕਾਰੀ



ਅਨੁਸਾਰ ਸੋਨੂੰ ਕੰਡਾ ਨਾਂਅ ਦੇ ਇਕ ਵਿਅਕਤੀ ਦੋ ਅੱਡਾ ਗੱਗੋਬੂਹਾ ਵਿਖੇ ਸੁਨਿਆਰੇ ਦੀ ਦੁਕਾਨ ਕਰਦਾ ਹੈ। ਜਾਣਕਾਰੀ ਅਨੁਸਾਰ ਇਨ੍ਹਾਂ ਦੀ ਕੋਈ ਪੁਰਾਣੀ ਰੰਜਸ਼ ਚੱਲ ਰਹੀ ਸੀ ਕਿ ਬੀਤੀ ਰਾਤ ਇਨ੍ਹਾਂ ਦਾ ਆਪਸ ਵਿਚ ਟਾਕਰਾ ਹੋ ਗਿਆ, ਜਿਸ 'ਤੇ ਆਪਸ ਵਿਚ ਹੋਈ ਤੂੰ ਤੂੰ ਮੈਂ ਮੈਂ ਤੋਂ ਬਾਅਦ ਸੋਨੂੰ ਕੰਡਾ, ਜਿਸ ਦੇ ਨਾਲ ਕੁਝ ਹੋਰ ਵੀ ਵਿਅਕਤੀ ਸਨ, ਨੇ ਅਕਾਲੀ ਆਗੂ ਨਵੀ ਨੂੰ ਗੋਲੀ ਮਾਰ ਦਿੱਤੀ। ਜਿਸ ਨੂੰ ਤੁਰੰਤ ਹਸਪਤਾਲ ਪਹੁੰਚਾਇਆ ਗਿਆ, ਜਿਥੇ ਉਸ ਦੀ ਮੌਤ ਹੋ ਗਈ। ਥਾਣਾ ਝਬਾਲ ਦੀ ਪੁਲਿਸ ਵਲੋਂ ਮੌਕੇ 'ਤੇ ਪਹੁੰਚ ਗਏ ਕਾਰਵਾਈ ਕੀਤੀ ਜਾ ਰਹੀ ਹੈ। ਪਿਛਲੇ ਕੁਝ ਦਿਨਾਂ ਤੋਂ ਲਗਾਤਾਰ ਝਬਾਲ ਇਲਾਕੇ ਵਿਚ ਚੱਲ ਰਹੀਆਂ ਗੋਲੀ ਦੀਆਂ ਵਾਰਦਾਤਾਂ ਨਾਲ ਇਲਾਕੇ ਵਿਚ ਸਹਿਮ ਦਾ ਮਾਹੌਲ ਪੈਦਾ ਹੋਇਆ ਹੈ।

## ਅਮਰੀਕੀ ਰਾਜਦੂਤ ਸਰਜੀਓ ਗੋਰ ਦੇ ਅੰਮ੍ਰਿਤਸਰ ਦੌਰੇ ਤੋਂ ਪਹਿਲਾਂ

# ਲਿਖੇ ਖਾਲਿਸਤਾਨ ਪੱਖੀ ਨਾਅਰੇ

**☛ ਰੇਲਵੇ ਸਟੇਸ਼ਨ, ਹਾਲ ਗੇਟ ਤੇ ਭੰਡਾਰੀ ਪੁਲ 'ਤੇ ਲਿਖਿਆ 'ਰਾਜਦੂਤ ਗੋਰ ਦਾ ਸੁਆਗਤ ਹੈ, ਪਰ ਪੰਜਾਬ ਭਾਰਤ ਨਹੀਂ'**

**☛ ਪੰਨੂੰ ਵੱਲੋਂ ਅਮਰੀਕੀ ਰਾਜਦੂਤ ਨੂੰ ਸ਼ਹੀਦੀ ਗੈਲਰੀ ਦੇਖਣ ਦੀ ਅਪੀਲ**

ਲੰਡਨ (ਸਰਬਜੀਤ ਸਿੰਘ ਬਨੂੜ) - ਅਮਰੀਕੀ ਰਾਜਦੂਤ ਸਰਜੀਓ ਗੋਰ ਦੇ 28 ਸਤੰਬਰ ਨੂੰ ਅੰਮ੍ਰਿਤਸਰ ਦੇ ਪ੍ਰਸਤਾਵਿਤ ਦੌਰੇ ਤੋਂ ਪਹਿਲਾਂ ਸ਼ਹਿਰ ਦੀਆਂ ਵੱਖ-ਵੱਖ ਥਾਵਾਂ 'ਤੇ ਖਾਲਿਸਤਾਨ ਪੱਖੀ ਨਾਅਰੇ ਲਿਖੇ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ। ਸਿੱਖਸ ਫਾਰ ਜਸਟਿਸ ਵੱਲੋਂ ਜਾਰੀ ਜਾਣਕਾਰੀ ਮੁਤਾਬਕ ਅੰਮ੍ਰਿਤਸਰ ਰੇਲਵੇ ਸਟੇਸ਼ਨ, ਹਾਲ ਗੇਟ ਅਤੇ ਭੰਡਾਰੀ ਪੁਲ 'ਤੇ ਅਮਰੀਕੀ ਰਾਜਦੂਤ ਨੂੰ ਸੰਬੋਧਨ ਕਰਦਿਆਂ ਨਾਅਰੇ ਲਿਖੇ ਗਏ ਹਨ। ਇਨ੍ਹਾਂ ਵਿੱਚ 'ਰਾਜਦੂਤ ਗੋਰ ਦਾ ਸੁਆਗਤ ਹੈ ਪਰ ਪੰਜਾਬ ਭਾਰਤ ਨਹੀਂ', 'ਟਰੰਪ-ਅਮਰੀਕਾ ਖਾਲਿਸਤਾਨ ਜ਼ਿੰਦਾਬਾਦ' ਅਤੇ 'ਪੰਜਾਬ ਦਾ ਹੱਲ ਖਾਲਿਸਤਾਨ' ਵਰਗੇ ਨਾਅਰੇ ਸ਼ਾਮਲ ਹਨ। ਸਿੱਖਸ ਫਾਰ ਜਸਟਿਸ ਦੇ ਜਨਰਲ ਕੌਂਸਲ ਗੁਰਪਤਵੰਤ ਸਿੰਘ ਪੰਨੂੰ ਨੇ ਕਿਹਾ ਕਿ ਅੰਮ੍ਰਿਤਸਰ ਵਿੱਚ ਲਿਖੇ ਗਏ ਇਨ੍ਹਾਂ ਨਾਅਰਿਆਂ ਰਾਹੀਂ ਅਮਰੀਕੀ ਰਾਜਦੂਤ ਨੂੰ ਸਿੱਧਾ ਸੁਨੇਹਾ ਦਿੱਤਾ ਗਿਆ ਹੈ ਕਿ



ਖਾਲਿਸਤਾਨ ਸਮਰਥਕ ਪੰਜਾਬ ਦੇ ਭਵਿੱਖ ਦਾ ਫ਼ੈਸਲਾ ਪੰਜਾਬ ਦੇ ਲੋਕਾਂ ਵੱਲੋਂ ਰਾਇਸ਼ੁਮਾਰੀ ਰਾਹੀਂ ਕਰਵਾਉਣ ਦੀ ਮੰਗ ਕਰ ਰਹੇ ਹਨ। ਪੰਨੂੰ ਨੇ ਇਸ ਮੰਗ ਲਈ ਅਮਰੀਕਾ ਤੋਂ ਸਮਰਥਨ ਦੀ ਅਪੀਲ ਵੀ ਕੀਤੀ। ਪੰਨੂੰ ਨੇ ਸਰਜੀਓ ਗੋਰ ਨੂੰ ਸ੍ਰੀ ਦਰਬਾਰ ਸਾਹਿਬ ਨਾਲ ਸਬੰਧਤ ਸ਼ਹੀਦੀ ਗੈਲਰੀ ਦਾ ਦੌਰਾ ਕਰਨ ਦੀ ਅਪੀਲ ਕਰਦਿਆਂ ਕਿਹਾ ਕਿ ਇਸ ਨਾਲ ਉਹ ਜੂਨ 1984 ਦੇ ਫੌਜੀ ਹਮਲੇ, ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਹੋਏ ਨੁਕਸਾਨ ਅਤੇ ਉਸ ਦੌਰ ਦੇ ਸਿੱਖ ਇਤਿਹਾਸ ਨਾਲ ਜੁੜੇ ਪਹਿਲੂਆਂ ਬਾਰੇ ਜਾਣ ਸਕਣਗੇ। ਸਿੱਖਸ ਫਾਰ ਜਸਟਿਸ ਨੇ ਆਪਣੇ ਬਿਆਨ ਵਿੱਚ ਜੂਨ 1984 ਦੇ ਫੌਜੀ ਹਮਲੇ ਅਤੇ ਨਵੰਬਰ 1984 ਦੌਰਾਨ ਸਿੱਖਾਂ ਵਿਰੁੱਧ ਹੋਈ ਹਿੰਸਾ ਦਾ ਵੀ ਹਵਾਲਾ ਵੀ ਦਿੱਤਾ ਗਿਆ। ਸਿੱਖਸ ਫਾਰ ਜਸਟਿਸ ਨੇ ਆਪਣੀ ਮੌਜੂਦਾ ਮੁਹਿੰਮ ਨੂੰ 'ਗੋਲੀਆਂ ਤੋਂ ਵੋਟਾਂ ਤੱਕ' ਦਾ ਨਾਅਰਾ ਦਿੰਦਿਆਂ ਕਿਹਾ ਹੈ ਕਿ 1980 ਅਤੇ 1990 ਦੇ ਦਹਾਕਿਆਂ ਦੇ ਹਥਿਆਰਬੰਦ ਦੌਰ ਦੇ ਉਲਟ ਹੁਣ ਖਾਲਿਸਤਾਨ ਦੀ ਮੰਗ ਨੂੰ ਵੋਟ ਅਤੇ ਰਾਇਸ਼ੁਮਾਰੀ ਦੇ ਰਾਹੀਂ ਅੱਗੇ ਵਧਾਇਆ ਜਾ ਰਿਹਾ ਹੈ। ਪੰਨੂੰ ਨੇ ਕਿਹਾ ਕਿ ਸਿੱਖਾਂ ਨੂੰ ਸਵੈ-ਨਿਰਣੇ ਦਾ ਹੱਕ ਮਿਲਣਾ ਚਾਹੀਦਾ ਹੈ ਅਤੇ ਉਨ੍ਹਾਂ ਦੀ ਜਥੇਬੰਦੀ ਇਸ ਮੰਗ ਨੂੰ ਖਾਲਿਸਤਾਨ ਰਾਇਸ਼ੁਮਾਰੀ ਰਾਹੀਂ ਸ਼ਾਂਤਮਈ ਅਤੇ ਲੋਕਤੰਤਰੀ ਢੰਗ ਨਾਲ ਅੱਗੇ ਲੈ ਕੇ ਜਾ ਰਹੀ ਹੈ।

ਉਸ ਨੇ ਪੰਜਾਬ ਵਿੱਚ ਨਸ਼ਿਆਂ, ਕਰਜ਼ੇ ਅਤੇ ਜਨਸੰਖਿਆ ਵਿੱਚ ਤਬਦੀਲੀ ਨੂੰ ਵੀ ਗੰਭੀਰ ਮੁੱਦੇ ਦੱਸਦਿਆਂ ਇਨ੍ਹਾਂ ਨੂੰ ਪੰਜਾਬ ਅਤੇ ਸਿੱਖਾਂ ਦੇ ਭਵਿੱਖ ਨਾਲ ਜੋੜਿਆ। ਪੰਨੂੰ ਨੇ ਕਿਹਾ ਕਿ ਖਾਲਿਸਤਾਨ ਰਾਇਸ਼ੁਮਾਰੀ ਦੀ ਅਗਲੀ ਵੋਟਿੰਗ 18 ਅਕਤੂਬਰ ਨੂੰ ਐਡਮਿੰਟਨ, ਅਲਬਰਟਾ, ਕੈਨੇਡਾ ਵਿੱਚ ਕਰਵਾਈ ਜਾਵੇਗੀ।

## ਗੁਰਦੁਆਰਾ ਸ੍ਰੀ ਹੇਮਕੁੰਟ ਸਾਹਿਬ ਵਿਖੇ ਹੋਈ ਭਾਰੀ ਬਰਫ਼ਬਾਰੀ

**ਹੇਮਕੁੰਟ ਸਾਹਿਬ, 26 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਹੇਮਕੁੰਟ ਸਾਹਿਬ ਤੇ ਨੇੜਲੇ ਖੇਤਰਾਂ ਵਿੱਚ ਅੱਜ ਤਾਜ਼ਾ ਬਰਫਬਾਰੀ ਹੋਈ ਜਿਸ ਕਾਰਨ ਗੁਰਦੁਆਰਾ ਸਾਹਿਬ ਅਤੇ ਆਲੇ-ਦੁਆਲੇ ਦਾ



ਪਹਾੜੀ ਇਲਾਕਾ ਚਿੱਟੀ ਬਰਫ਼ ਦੀ ਚਾਦਰ ਨਾਲ ਢਕਿਆ ਗਿਆ। ਉੱਚੇ ਪਹਾੜਾਂ 'ਤੇ ਬਰਫ਼ਬਾਰੀ ਅਤੇ ਹੇਠਲੇ ਇਲਾਕਿਆਂ ਵਿੱਚ ਮੀਂਹ ਕਾਰਨ ਮੌਸਮ ਦਾ ਮਿਜ਼ਾਜ ਬਦਲ ਗਿਆ ਹੈ। ਬਰਫ਼ ਨਾਲ ਢਕੇ ਪਹਾੜਾਂ ਦਾ ਮਨਮੋਹਕ ਨਜ਼ਾਰਾ ਸ਼ਰਧਾਲੂਆਂ ਲਈ ਖਿੱਚ ਦਾ ਕੇਂਦਰ ਬਣਿਆ ਹੋਇਆ ਹੈ ਅਤੇ ਇਸ ਦੌਰਾਨ ਸ਼ਰਧਾਲੂ ਗੁਰਦੁਆਰਾ ਸਾਹਿਬ ਵਿਖੇ ਨਤਮਸਤਕ ਹੋਣ ਦੇ ਨਾਲ ਕੁਦਰਤ ਦੇ ਇਸ ਖ਼ੂਬਸੂਰਤ ਰੂਪ ਨੂੰ ਵੀ ਦੇਖ ਰਹੇ ਹਨ। ਹੇਮਕੁੰਟ ਸਾਹਿਬ ਸਮੁੰਦਰ ਤਲ ਤੋਂ ਲਗਪਗ 15 ਹਜ਼ਾਰ ਫੁੱਟ ਦੀ ਉਚਾਈ 'ਤੇ ਸਥਿਤ ਹੈ, ਜਿਸ ਕਾਰਨ ਇੱਥੇ ਮੌਸਮ ਵਿੱਚ ਥੋੜ੍ਹਾ ਜਿਹਾ ਬਦਲਾਅ ਵੀ ਤਾਪਮਾਨ 'ਤੇ ਵੱਡਾ ਅਸਰ ਪਾਉਂਦਾ ਹੈ। ਅੱਜ ਵੀ ਚਮੋਲੀ ਦੇ ਉੱਚੇ ਇਲਾਕਿਆਂ ਵਿੱਚ ਬਰਫ਼ਬਾਰੀ ਜਾਰੀ ਰਹਿਣ ਦੀਆਂ ਰਿਪੋਰਟਾਂ ਹਨ। ਹੇਮਕੁੰਟ ਸਾਹਿਬ ਨੇੜੇ ਅੱਜ ਤਾਪਮਾਨ ਕਰੀਬ 7 ਤੋਂ 11 ਡਿਗਰੀ ਸੈਲਸੀਅਸ ਦੇ ਵਿਚਕਾਰ ਰਹਿ ਸਕਦਾ ਹੈ। ਸਵੇਰੇ ਇੱਥੇ ਤਾਪਮਾਨ ਲਗਪਗ 9 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ ਅਤੇ ਮੀਂਹ ਤੇ ਬਰਫ਼ਬਾਰੀ ਦੀ ਸੰਭਾਵਨਾ ਬਣੀ ਹੋਈ ਹੈ। ਬਰਫ਼ ਪੈਣ ਕਾਰਨ ਹੇਮਕੁੰਟ ਸਾਹਿਬ ਵੱਲ ਜਾਣ ਵਾਲੇ ਪੈਦਲ ਰਸਤੇ ਦੇ ਕਈ ਹਿੱਸੇ ਤਿਲਕਣ ਵਾਲੇ ਹੋ ਗਏ ਹਨ। ਇਸ ਕਾਰਨ ਸ਼ਰਧਾਲੂਆਂ ਨੂੰ ਪੈਦਲ ਚੱਲਣ ਸਮੇਂ ਵਧੇਰੇ ਸਾਵਧਾਨੀ ਵਰਤਣੀ ਪੈ ਰਹੀ ਹੈ। ਮੌਸਮ ਖ਼ਰਾਬ ਹੋਣ ਦੇ ਬਾਵਜੂਦ ਸ਼ਰਧਾਲੂਆਂ ਦੀ ਯਾਤਰਾ ਨੂੰ ਸੁਚਾਰੂ ਬਣਾਈ ਰੱਖਣ ਲਈ ਪੁਲੀਸ ਅਤੇ ਐੱਸਡੀਆਰਐੱਫ ਦੇ ਜਵਾਨ ਵੱਖ-ਵੱਖ ਥਾਵਾਂ 'ਤੇ ਤਾਇਨਾਤ ਹਨ। ਜਵਾਨ ਬਰਫ਼ਬਾਰੀ ਅਤੇ ਤਿਲਕਣ ਵਾਲੇ ਰਸਤਿਆਂ ਵਿੱਚ ਸ਼ਰਧਾਲੂਆਂ ਦੀ ਮਦਦ ਕਰ ਰਹੇ ਹਨ। ਜਿੱਥੇ ਲੋੜ ਪੈ ਰਹੀ ਹੈ, ਉੱਥੇ ਪੁਲਿਸ ਮੁਲਾਜ਼ਮ ਸ਼ਰਧਾਲੂਆਂ ਨੂੰ ਸਹਾਰਾ ਦੇ ਕੇ ਮੁਸ਼ਕਲ ਰਸਤਿਆਂ ਤੋਂ ਪਾਰ ਕਰਵਾ ਰਹੇ ਹਨ। ਇਸ ਦੇ ਨਾਲ ਹੀ ਯਾਤਰਾ ਦੌਰਾਨ ਕਿਸੇ ਤਰ੍ਹਾਂ ਦੀ ਅਣਸੁਖਾਵੀਂ ਘਟਨਾ ਨਾ ਵਾਪਰੇ, ਇਸ ਲਈ ਸੁਰੱਖਿਆ ਪ੍ਰਬੰਧਾਂ 'ਤੇ ਵੀ ਲਗਾਤਾਰ ਨਜ਼ਰ ਰੱਖੀ ਜਾ ਰਹੀ ਹੈ। ਹੇਮਕੁੰਟ ਸਾਹਿਬ ਯਾਤਰਾ ਦੇ ਮਹੱਤਵਪੂਰਨ ਪੜਾਅ ਘੰਘੜੀਆ ਵਿਖੇ ਵੀ ਪੁਲਿਸ ਵੱਲੋਂ ਸਥਿਤੀ 'ਤੇ ਨਜ਼ਰ ਰੱਖੀ ਜਾ ਰਹੀ ਹੈ। ਮੌਸਮ ਅਤੇ ਰਸਤੇ ਦੀ ਸਥਿਤੀ ਦੇ ਅਨੁਸਾਰ ਜਵਾਨਾਂ ਨੂੰ ਜ਼ਰੂਰੀ ਹਦਾਇਤਾਂ ਦਿੱਤੀਆਂ ਜਾ ਰਹੀਆਂ ਹਨ। ਪੁਲਿਸ ਅਤੇ ਐੱਸਡੀਆਰਐੱਫ ਵੱਲੋਂ ਸ਼ਰਧਾਲੂਆਂ ਨੂੰ ਮੌਸਮ ਦੀ ਸਥਿਤੀ ਨੂੰ ਧਿਆਨ ਵਿੱਚ ਰੱਖਦਿਆਂ ਸਾਵਧਾਨੀ ਨਾਲ ਯਾਤਰਾ ਕਰਨ ਲਈ ਕਿਹਾ ਜਾ ਰਿਹਾ ਹੈ। ਚਮੋਲੀ ਜ਼ਿਲ੍ਹੇ ਦੇ ਉੱਚੇ ਇਲਾਕਿਆਂ ਵਿੱਚ ਅੱਜ ਵੀ ਮੀਂਹ ਅਤੇ ਬਰਫ਼ਬਾਰੀ ਦਾ ਦੌਰ ਜਾਰੀ ਰਹਿਣ ਕਾਰਨ ਠੰਢ ਹੋਰ ਵਧ ਗਈ ਹੈ।

## ਮਾਸੂਮ ਦਿਲਰੋਜ਼ ਦਾ ਕਤਲ ਕਰਨ ਵਾਲੀ ਮਹਿਲਾ ਦੀ ਫ਼ਾਂਸੀ ਦੀ ਸਜ਼ਾ ਉਮਰ ਕੈਦ 'ਚ ਬਦਲੀ





**ਲੁਧਿਆਣਾ, 26 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਲੁਧਿਆਣਾ ਦੇ ਬਹੁ-ਚਰਚਿਤ ਢਾਈ ਸਾਲਾ ਮਾਸੂਮ ਬੱਚੀ ਦਿਲਰੋਜ਼ ਕੌਰ ਕਤਲ ਕਾਂਡ ਵਿਚ ਦੋਸ਼ੀ ਔਰਤ ਨੀਲਮ ਦੀ ਫਾਂਸੀ ਦੀ ਸਜ਼ਾ ਨੂੰ ਉਮਰ ਕੈਦ ਵਿਚ ਬਦਲ ਦਿੱਤਾ ਹੈ। ਅਦਾਲਤ ਦੇ ਫ਼ੈਸਲੇ ਅਨੁਸਾਰ ਹੁਣ ਦੋਸ਼ੀ ਨੂੰ ਬਿਨਾਂ ਕਿਸੇ ਪੈਰੋਲ ਜਾਂ ਛੋਟ ਦੇ 30 ਸਾਲ ਜੇਲ੍ਹ ਵਿਚ ਬਿਤਾਉਣੇ ਪੈਣਗੇ। ਦੱਸ ਦਈਏ ਕਿ 28 ਨਵੰਬਰ 2021 ਨੂੰ ਲੁਧਿਆਣਾ ਦੇ ਸ਼ਿਮਲਾਪੁਰੀ ਦੀ ਰਹਿਣ ਵਾਲੀ 38 ਸਾਲਾ ਨੀਲਮ ਨੇ ਆਪਣੇ ਗੁਆਂਢੀ ਪੁਲਸ ਮੁਲਾਜ਼ਮ ਹਰਪ੍ਰੀਤ ਸਿੰਘ ਦੀ ਢਾਈ ਸਾਲਾ ਧੀ ਦਿਲਰੋਜ਼ ਨੂੰ ਸਕੂਟੀ 'ਤੇ ਬਿਠਾ ਕੇ ਅਗਵਾ ਕੀਤਾ ਤੇ ਉਸ ਨੂੰ ਐਲਡੇਕੋ ਨੇੜੇ ਇਕ ਸੁਨਸਾਨ ਪਲਾਟ 'ਚ ਲੈ ਗਈ, ਜਿੱਥੇ ਉਸ ਨੇ ਪਹਿਲਾਂ ਤੋਂ ਪੁੱਟੇ ਟੋਏ ਵਿਚ ਮਾਸੂਮ ਦੇ ਮੂੰਹ 'ਚ ਮਿੱਟੀ ਨੂਸ ਕੇ ਉਸ ਨੂੰ ਜ਼ਿੰਦਾ ਦਫ਼ਨਾ ਦਿੱਤਾ। ਦਮ ਘੁੱਟਣ ਕਾਰਨ ਬੱਚੀ ਦੀ ਮੌਤ ਹੋ ਗਈ। ਜਾਂਚ ਵਿਚ ਸਾਹਮਣੇ ਆਇਆ ਕਿ ਪੁਲਸ ਮੁਲਾਜ਼ਮ ਵੱਲੋਂ ਆਪਣੇ ਬੱਚਿਆਂ ਲਈ ਲਿਆਂਦੇ ਜਾਂਦੇ ਚੰਗੇ ਖਿਡੌਣਿਆਂ ਅਤੇ ਕੱਪੜਿਆਂ ਨੂੰ ਦੇਖ ਕੇ ਦੋਸ਼ੀ ਔਰਤ ਦੇ ਮਨ ਵਿਚ ਇਰਖਾ ਪੈਦਾ ਹੋ ਗਈ ਸੀ, ਕਿਉਂਕਿ ਉਹ ਆਪਣੇ ਬੱਚਿਆਂ ਦੀਆਂ ਅਜਿਹੀਆਂ ਮੰਗਾਂ ਪੂਰੀਆਂ ਨਹੀਂ ਕਰ ਸਕਦੀ ਸੀ। ਸੀਸੀਟੀਵੀ ਫੁਟੇਜ ਤੋਂ ਖੁਲਾਸਾ ਹੋਣ ਮਗਰੋਂ ਗ੍ਰਿਫ਼ਤਾਰ ਕੀਤੀ ਗਈ ਨੀਲਮ ਨੂੰ ਲਗਭਗ ਦੋ ਸਾਲ ਪਹਿਲਾਂ ਸੈਸ਼ਨ ਕੋਰਟ ਨੇ ਫਾਂਸੀ ਦੀ ਸਜ਼ਾ ਸੁਣਾਈ ਸੀ। ਹੁਣ ਹਾਈ ਕੋਰਟ ਨੇ ਉਸ ਦੀ ਅਪੀਲ 'ਤੇ ਸੁਣਵਾਈ ਕਰਦਿਆਂ ਇਸ ਸਜ਼ਾ ਨੂੰ 30 ਸਾਲ ਦੀ ਕੈਦ 'ਚ ਤਬਦੀਲ ਕਰ ਦਿੱਤਾ ਹੈ।

## ਪੰਜਾਬ ਪੁਲਿਸ ਦਾ ਇੰਸਪੈਕਟਰ 3 Kg ਹੈਰੋਇਨ ਤੇ 6 ਪਿਸਤੌਲਾਂ ਸਮੇਤ ਗ੍ਰਿਫ਼ਤਾਰ, ਕਾਊਂਟਰ ਇੰਟੈਲੀਜੈਂਸ 'ਚ ਸੀ ਤਾਇਨਾਤ,

**ਫਿਰੋਜ਼ਪੁਰ, 26 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਫਿਰੋਜ਼ਪੁਰ ਵਿੱਚ ਕਾਊਂਟਰ ਇੰਟੈਲੀਜੈਂਸ ਯੂਨਿਟ ਵਿੱਚ ਤਾਇਨਾਤ ਇੱਕ ਇੰਸਪੈਕਟਰ ਨੂੰ ਨਸ਼ਾ ਤਸਕਰੀ ਦੇ ਦੋਸ਼ ਵਿੱਚ ਗ੍ਰਿਫ਼ਤਾਰ ਕੀਤਾ ਗਿਆ ਹੈ। ਗ੍ਰਿਫ਼ਤਾਰੀ ਦੇ ਸਮੇਂ ਉਸ ਕੋਲੋਂ 3.35 ਕਿਲੋ ਹੈਰੋਇਨ, ਛੇ ਪਿਸਤੌਲ, ਚਾਰ ਮੈਗਜ਼ੀਨ ਅਤੇ 17 ਕਾਰਤੂਸ ਬਰਾਮਦ ਕੀਤੇ ਗਏ। ਪੁਲਿਸ ਨੇ ਮੁਲਜ਼ਮ ਦੀ I-20 ਕਾਰ ਅਤੇ ਉਸ ਕੋਲੋਂ ਮਿਲੇ ਛੇ ਮੋਬਾਈਲ ਫੋਨ ਵੀ ਜ਼ਬਤ ਕਰ ਲਏ ਹਨ। ਉਸ ਦੀ ਪਛਾਣ ਬਲਦੇਵ



ਸਿੰਘ (56) ਵਜੋਂ ਹੋਈ ਹੈ। ਫਿਰੋਜ਼ਪੁਰ ਪੁਲਿਸ ਨੇ ਨਾਜਾਇਜ਼ ਸਮਾਨ ਜ਼ਬਤ ਕਰ ਲਿਆ ਹੈ ਅਤੇ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਮੁਲਜ਼ਮ ਖ਼ਿਲਾਫ਼ NDPS ਐਕਟ ਅਤੇ ਆਰਮਜ਼ ਐਕਟ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ। ਪੁਲਿਸ ਹੁਣ ਭਾਰੀ ਮਾਤਰਾ ਵਿੱਚ ਨਸ਼ੀਲੇ ਪਦਾਰਥਾਂ ਅਤੇ ਹਥਿਆਰਾਂ ਦੇ ਸਰੋਤ ਅਤੇ ਉਨ੍ਹਾਂ ਦੀ ਮੰਜ਼ਿਲ ਬਾਰੇ ਜਾਂਚ ਕਰ ਰਹੀ ਹੈ। ਇਸ ਗੱਲ ਦੀ ਵੀ ਜਾਂਚ ਕੀਤੀ ਜਾ ਰਹੀ ਹੈ ਕਿ ਉਹ ਕਿੰਨੇ ਸਮੇਂ ਤੋਂ ਇਸ ਗੈਰ-ਕਾਨੂੰਨੀ ਧੰਦੇ ਵਿੱਚ ਸ਼ਾਮਲ ਸੀ। ਇਸ ਦੌਰਾਨ, ਐਸਐਸਪੀ ਨੇ ਦੱਸਿਆ ਕਿ ਮੁਲਜ਼ਮ ਦੇ ਪਾਕਿਸਤਾਨ ਨਾਲ ਸਬੰਧ ਹੋਣ ਦਾ ਸ਼ੱਕ ਹੈ ਅਤੇ ਫਿਲਹਾਲ ਉਸ ਤੋਂ ਪੁੱਛਗਿੱਛ ਕੀਤੀ ਜਾ ਰਹੀ ਹੈ। ਫਿਰੋਜ਼ਪੁਰ ਦੇ ਘੱਲ ਖੁਰਦ ਥਾਣੇ ਨੂੰ ਗੁਪਤ ਸੂਚਨਾ ਮਿਲੀ ਸੀ ਕਿ ਇੰਸਪੈਕਟਰ ਬਲਦੇਵ ਸਿੰਘ ਆਪਣੀ ਆਈ-20 ਕਾਰ ਵਿੱਚ ਜਾ ਰਿਹਾ ਸੀ ਅਤੇ ਉਸ ਕੋਲ ਭਾਰੀ ਮਾਤਰਾ ਵਿੱਚ ਨਸ਼ੀਲੇ ਪਦਾਰਥ ਅਤੇ ਨਾਜਾਇਜ਼ ਹਥਿਆਰ ਸਨ। ਇਸ ਸੂਚਨਾ 'ਤੇ ਕਾਰਵਾਈ ਕਰਦਿਆਂ ਪੁਲਿਸ ਨੇ ਸ਼ੁੱਕਰਵਾਰ ਦੇਰ ਰਾਤ ਫਿਰੋਜ਼ਪੁਰ-ਮੋਗਾ ਰੋਡ 'ਤੇ ਫਿਰੋਜ਼ਸ਼ਾਹ ਟੋਲ ਪਲਾਜ਼ਾ 'ਤੇ ਨਾਕਾ ਲਗਾਇਆ। ਬਲਦੇਵ ਸਿੰਘ ਦਾ ਵਾਹਨ ਉੱਥੇ ਪਹੁੰਚਦਾ ਦਿਖਾਈ ਦਿੱਤਾ। ਨਾਕੇ 'ਤੇ ਤਾਇਨਾਤ ਮੁਲਾਜ਼ਮਾਂ ਨੇ ਉਸ ਦੀ ਕਾਰ ਦੇਖ ਕੇ ਇੰਸਪੈਕਟਰ ਨੂੰ ਰੁਕਣ ਦਾ ਇਸ਼ਾਰਾ ਕੀਤਾ। ਮੁਲਜ਼ਮ ਨੇ ਗੱਡੀ ਰੋਕੀ ਅਤੇ ਆਪਣੀ ਪਛਾਣ ਦੱਸਦੇ ਹੋਏ ਆਪਣਾ ਰੋਹਬ ਜਮਾਉਣ ਦੀ ਕੋਸ਼ਿਸ਼ ਕੀਤੀ। ਮੁਲਜ਼ਮ ਨੇ ਪੁਲਿਸ ਮੁਲਾਜ਼ਮਾਂ ਨਾਲ ਬਦਤਮੀਜ਼ੀ ਕੀਤੀ: ਘੱਲ ਖੁਰਦ ਥਾਣੇ ਦੇ ਐਸਐਚਓ ਅਨੁਸਾਰ, ਨਾਕੇ 'ਤੇ ਤਾਇਨਾਤ ਮੁਲਾਜ਼ਮ ਮੁਲਜ਼ਮ ਵੱਲੋਂ ਰੋਹਬ ਜਮਾਉਣ ਦੀ ਕੋਸ਼ਿਸ਼ ਤੋਂ ਡਰੇ ਨਹੀਂ। ਉਨ੍ਹਾਂ ਨੇ ਉਸ ਨੂੰ ਦੱਸਿਆ ਕਿ ਉਸ ਦੇ ਵਾਹਨ ਦੀ ਤਲਾਸ਼ੀ ਲੈਣੀ ਜ਼ਰੂਰੀ ਹੈ। ਇਸ ਗੱਲ 'ਤੇ ਭੜਕੇ ਮੁਲਜ਼ਮ ਨੇ ਮੁਲਾਜ਼ਮਾਂ ਵਿਰੁੱਧ ਕਾਰਵਾਈ ਕਰਵਾਉਣ ਦੀ ਧਮਕੀ ਦਿੱਤੀ। ਇਸ ਤੋਂ ਬਾਅਦ ਪੁਲਿਸ ਨੇ ਮੁਲਜ਼ਮ ਨੂੰ ਹਿਰਾਸਤ ਵਿੱਚ ਲੈ ਲਿਆ। ਉਸਦੀ ਗੱਡੀ ਦੀ ਤਲਾਸ਼ੀ ਦੌਰਾਨ ਵੱਡੀ ਮਾਤਰਾ ਵਿੱਚ ਗੈਰ-ਕਾਨੂੰਨੀ ਸਮਾਨ ਬਰਾਮਦ ਹੋਇਆ। ਨਤੀਜੇ ਵਜੋਂ, ਗੱਡੀ ਨੂੰ ਜ਼ਬਤ ਕਰ ਲਿਆ ਗਿਆ ਅਤੇ ਮੁਲਜ਼ਮ ਨੂੰ ਰਸਮੀ ਤੌਰ 'ਤੇ ਗ੍ਰਿਫ਼ਤਾਰ ਕਰ ਲਿਆ ਗਿਆ।

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਅਤੇ
ਧੰਨ-ਧੰਨ ਮਾਤਾ ਸਹਿਬ ਕੌਰ ਜੀ ਦੇ ਜਨਮ ਦਿਵਸ ਨੂੰ ਸਮਰਪਿਤ

# 30ਵਾਂ
# ਸਲਾਨਾ ਗੁਰਮਤਿ ਸਮਾਗਮ



ਸੰਤ ਬਾਬਾ ਜਰਨੈਲ ਸਿੰਘ ਜੀ
ਖਾਲਸਾ ਭਿੰਡਰਾਂਵਾਲੇ

## ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ)
(ਬੱਕਰਾਂ ਦੇ ਹਾਈ ਕੋਰਟ)

## ਮਿਤੀ 1 ਨਵੰਬਰ 2026 ਦਿਨ ਐਤਵਾਰ
ਨੂੰ ਸ਼੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ।

ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਮੈਂਬਰ ਸ਼੍ਰੋਮਣੀ ਕਮੇਟੀ, ਨਿਰਮਲੇ, ਉਦਾਸੀ, ਧਾਰਮਿਕ, ਸੰਯੁਕਤ ਕਿਸਾਨ ਮੋਰਚੇ ਦੇ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਪੰਥਕ ਅਕਾਲੀ ਦਲ ਭਾਰਤ ਅਤੇ ਯੂ.ਕੇ. ਦੇ ਸਮੂਹ ਅਹੁਦੇਦਾਰ, ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ। ਸਭ ਨੂੰ ਬੇਨਤੀ ਹੈ ਕਿ ਪਰਿਵਾਰਾਂ ਸਮੇਤ ਵੱਧ ਤੋਂ ਵੱਧ ਸੰਗਤਾਂ ਲੈ ਕੇ ਸਮਾਗਮਾਂ ਵਿੱਚ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

ਆਵਾਜ਼ਿ ਕੌਮ AWAZE QAUM International Newspaper & WEB TV

**ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।**



## 30 ਅਕਤੂਬਰ 2026 ਦਿਨ ਸ਼ੁੱਕਰਵਾਰ
ਅਰੰਭ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

## 1 ਨਵੰਬਰ 2026 ਦਿਨ ਐਤਵਾਰ ਨੂੰ
ਭੋਗ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ
ਸ਼ਾਮ 3-00 ਵਜੇ ਤੱਕ ਦੀਵਾਨ ਸਜਣਗੇ।

ਨੋਟ :- 20 ਅਕਤੂਬਰ ਤੋਂ 1 ਨਵੰਬਰ ਤੱਕ 13 ਦਿਨ ਸਮਾਗਮ ਚੱਲੇਗਾ।



## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਮੁੱਖ ਬੁਲਾਰਾ ਅੰਤਰਰਾਸ਼ਟਰੀ ਪੰਥਕ ਅਕਾਲੀ ਦਲ
**ਮੈਂਬਰ ਐਸ.ਜੀ.ਪੀ.ਸੀ.**
ਮੋ: 98141-27470, 73408-35137


ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar



www.damdamitaksal.net

Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

---

ਧੁਰਕੀ ਸ਼ਬਦੁ ਸਚੀ ਟਕਸਾਲ ॥
ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net

ਨਾਮ ਜਪੋ / Naam Japo
ਕਿਰਤ ਕਰੋ / Kirat Karo
ਵੰਡ ਛਕੋ / Vand Shako

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**
Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**
Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**
Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**
Learn Gurmukhi Punjabi

**ਗਤਕਾ ਸਿੱਖੋ** Learn Gatka
www.damdamitaksal.net

---

ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

---

ਦੇਗ ਤੇਗ ਫ਼ਤਿਹ – ਪੰਥ ਕੀ ਜੀਤ

*ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥*

## ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

## 1 ਨਵੰਬਰ 2026, ਦਿਨ ਐਤਵਾਰ ਨੂੰ

ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

## ਨੋਟ : ਇਹ ਸਮਾਗਮ 13 ਦਿਨ ਚੱਲੇਗਾ

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ
**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470**
**ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137**
**ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ**
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ

ਸੰਪਰਕ ਨੰਬਰ 84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ AWAZE QAUM
International Newspaper & WEB TV

ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ ॥
ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ ॥



## Antim Ardaas

# S. Onkar Singh Hundal

Left for his heavenly abode on
**Sunday 20-Sep-2026**

### Program

- **Antim Ardaas**

on 27-Sep-2026 at Gurudwara Shri Singh Sabha,
Phase-11, Mohali
1:30 PM to 2:30 PM
followed by Langar

*Grief stricken*
**Hundal Family**

ਵਾਹਿਗੁਰੂ ਜੀ ਕਾ ਖਾਲਸਾ, ਵਾਹਿਗੁਰੂ ਜੀ ਕੀ ਫ਼ਤਿਹ!


ਆਵਾਜ਼ਿ ਕੌਮ
AWAZE QAUM
International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)




# ਮਹਾਨ ਗੁਰਮਤਿ ਸਮਾਗਮ

☛ ਜੋਤੀ ਜੋਤ : ਧੰਨ ਸ੍ਰੀ ਗੁਰੂ ਅਮਰਦਾਸ ਸਾਹਿਬ ਜੀ। ☛ ਗੁਰਤਾ ਗੱਦੀ : ਧੰਨ ਸ੍ਰੀ ਗੁਰੂ ਰਾਮਦਾਸ ਸਾਹਿਬ ਜੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।





ਕੀਰਤਨੀ ਜਥਾ ਰਾਗੀ ਭਾਈ ਸਤਿੰਦਰ ਸਿੰਘ ਗੁਰਦਾਸਪੁਰ ਵਾਲੇ

☛ ਸ਼ਨਿੱਚਰਵਾਰ 26 ਸਤੰਬਰ ਸ਼ਾਮ ਨੂੰ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ।

☛ ਹਰ ਐਤਵਾਰ 27 ਸਤੰਬਰ 2026 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:30 ਵਜੇ ਭੋਗ ਪੈਣ ਉਪਰੰਤ 12:30 ਵਜੇ ਤੱਕ ਦੀਵਾਨ ਸਜਣਗੇ।

ਕੀਰਤਨੀ ਜਥਾ ਰਾਗੀ ਭਾਈ ਸਤਿੰਦਰ ਸਿੰਘ ਜੀ ਵਿਸ਼ੇਸ਼ ਤੌਰ ਤੇ ਪੰਜਾਬ ਦੀ ਧਰਤੀ ਤੋਂ ਕੀਰਤਨ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

### ਭਾਜਪਾ ਹੀ ਕਰੇਗੀ ਪੰਜਾਬ ਨੂੰ ਨਸ਼ਾ-ਮੁਕਤ

# ‘ਆਪ’ ਤੇ ਕਾਂਗਰਸ ਨੇ ਦਿੱਤੇ ਸਿਰਫ਼ ਝੂਠੇ ਲਾਰੇ: ਬਲਦੇਵ ਸਿੰਘ ਔਲਖ





**ਭਿਖੀਵਿੰਡ /ਖੇਮਕਰਨ, 26 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਭਾਰਤੀ ਜਨਤਾ ਪਾਰਟੀ ਦੀ ’ਨਸ਼ਾ ਮੁਕਤ ਪੰਜਾਬ ਯਾਤਰਾ’ ਸ਼ਨੀਵਾਰ ਨੂੰ ਸਰਹੱਦੀ ਹਲਕੇ ਤਰਨ ਤਾਰਨ, ਖਡੂਰ ਸਾਹਿਬ, ਖੇਮਕਰਨ ਅਤੇ ਪੱਟੀ ਵਿੱਚ ਲੋਕਾਂ ਦੇ ਵਿਸ਼ਾਲ ਇਕੱਠਾਂ ਦਰਮਿਆਨ ਇੱਕ ਜਨ-ਅੰਦੋਲਨ ਵਿੱਚ ਤਬਦੀਲ ਹੋ ਗਈ। ਖੇਮਕਰਨ ਵਿਖੇ ਇਕੱਠ ਨੂੰ ਸੰਬੋਧਨ ਕਰਦਿਆਂ ਯੂਪੀ ਦੇ ਕੈਬਨਿਟ ਮੰਤਰੀ ਬਲਦੇਵ ਸਿੰਘ ਔਲਖ ਨੇ ਮੌਜੂਦਾ ਆਮ ਆਦਮੀ ਪਾਰਟੀ ਅਤੇ ਪਿਛਲੀ ਕਾਂਗਰਸ ਸਰਕਾਰ ’ਤੇ ਤਿੱਖੇ ਹਮਲੇ ਕਰਦਿਆਂ ਸਪੱਸ਼ਟ ਕੀਤਾ ਕਿ ਪੰਜਾਬ ਵਿੱਚੋਂ ਨਸ਼ਿਆਂ ਦਾ ਕੋਹੜ ਸਿਰਫ਼ ਭਾਜਪਾ ਦੀ ’ਡਬਲ ਇੰਜਣ’ ਸਰਕਾਰ ਹੀ ਜੜ੍ਹੋਂ ਪੁੱਟ ਸਕਦੀ ਹੈ। ਉਨ੍ਹਾਂ ਕਿਹਾ, “ਇਹ ਕੋਈ ਸਿਆਸੀ ਸਟੰਟ ਨਹੀਂ, ਸਗੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਦਾ ਪੰਜਾਬ ਨੂੰ ਬਚਾਉਣ ਦਾ ਪਵਿੱਤਰ ਸੰਕਲਪ ਹੈ।” ਭਗਵੰਤ ਮਾਨ ਦੇ 3 ਮਹੀਨਿਆਂ ਦੇ ਦਾਅਵੇ ਜ਼ਮੀਨ ’ਤੇ ਫ਼ੇਲ੍ਹ ਸੂਬਾ ਸਰਕਾਰ ਦੀ ਕਾਰਗੁਜ਼ਾਰੀ ਦੀਆਂ ਧੱਜੀਆਂ ਉਡਾਉਂਦਿਆਂ ਸ. ਔਲਖ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਨੇ ਸੱਤਾ ’ਚ ਆਉਣ ਤੋਂ ਪਹਿਲਾਂ ਤਿੰਨ ਮਹੀਨਿਆਂ ’ਚ ਨਸ਼ਾ ਖ਼ਤਮ ਕਰਨ ਦੀ ਗਾਰੰਟੀ ਦਿੱਤੀ ਸੀ। ਅੱਜ ਸਾਢੇ ਚਾਰ ਸਾਲ ਬੀਤ ਜਾਣ ਦੇ ਬਾਵਜੂਦ ਜ਼ਮੀਨੀ ਹਕੀਕਤ ਇਹ ਹੈ ਕਿ ਪੰਜਾਬ ਦੀ ਨੌਜਵਾਨੀ ਦਿਨ-ਦਿਹਾੜੇ ਮੌਤ ਦੇ ਮੂੰਹ ਵਿੱਚ ਜਾ ਰਹੀ ਹੈ। ਪੁਲਿਸ ਦਾ ਇੱਕ ਵੱਡਾ ਹਿੱਸਾ ਨਸ਼ਾ ਤਸਕਰਾਂ ਨਾਲ ਰਲਿਆ ਹੋਇਆ ਹੈ ਅਤੇ ਸੱਚ ਬੋਲਣ ਵਾਲਿਆਂ ’ਤੇ ਝੂਠੇ ਪਰਚੇ ਦਰਜ ਕੀਤੇ ਜਾ ਰਹੇ ਹਨ।

**ਯੂਪੀ ਮਾਡਲ: 2 ਮਹੀਨਿਆਂ ’ਚ ਗੈਂਗਸਟਰਾਂ ਦਾ ਸਫ਼ਾਇਆ**-ਯੋਗੀ ਸਰਕਾਰ ਦਾ ਹਵਾਲਾ ਦਿੰਦਿਆਂ ਔਲਖ ਨੇ ਕਿਹਾ, “2017 ਤੋਂ ਪਹਿਲਾਂ ਉੱਤਰ ਪ੍ਰਦੇਸ਼ ਮਾਫ਼ੀਆ, ਗੈਂਗਸਟਰਵਾਦ ਅਤੇ ਫ਼ਿਰੌਤੀ ਦਾ ਗੜ੍ਹ ਸੀ। ਭਾਜਪਾ ਨੇ ਸੱਤਾ ਵਿੱਚ ਆਉਂਦਿਆਂ ਮਹਿਜ਼ 2 ਮਹੀਨਿਆਂ ਵਿੱਚ ਪੁਲਿਸ ਨੂੰ ਖੁੱਲ੍ਹ ਦੇ ਕੇ ਗੈਂਗਸਟਰਾਂ ਦੀ ਲੱਕ ਤੋੜ ਦਿੱਤੀ। ਜੇਕਰ ਯੂਪੀ ਵਰਗੇ ਵਿਸ਼ਾਲ ਸੂਬੇ ਵਿੱਚ ਅਪਰਾਧੀਆਂ ਨੂੰ ਨੱਥ ਪਾਈ ਜਾ ਸਕਦੀ ਹੈ, ਤਾਂ ਪੰਜਾਬ ਵਿੱਚ ਇਹ ਕੰਮ ਚੁਟਕੀਆਂ ਵਿੱਚ ਹੋ ਸਕਦਾ ਹੈ। ਅੱਜ ਯੂਪੀ ਵਿਕਾਸ ਦਾ ਮਾਡਲ ਬਣ ਚੁੱਕਾ ਹੈ।”

**ਮੋਦੀ ਸਰਕਾਰ ਜੋ ਕਹਿੰਦੀ ਹੈ, ਉਹ ਕਰਕੇ ਦਿਖਾਉਂਦੀ ਹੈ; ਪੰਜਾਬ ’ਚ ਡਬਲ ਇੰਜਣ ਸਰਕਾਰ ਆਉਂਦਿਆਂ ਹੀ ਨਸ਼ਾ ਤਸਕਰਾਂ ਦੀ ਖ਼ੈਰ ਨਹੀਂ**

ਉਨ੍ਹਾਂ ਗਰਜਦਿਆਂ ਕਿਹਾ ਕਿ ਪੰਜਾਬ ਵਿੱਚ ਭਾਜਪਾ ਦੀ ਸਰਕਾਰ ਬਣਦੇ ਹੀ 2 ਤੋਂ 3 ਮਹੀਨਿਆਂ ਅੰਦਰ ਨਸ਼ਾ ਤਸਕਰ ਜਾਂ ਤਾਂ ਜੇਲ੍ਹ ਵਿੱਚ ਹੋਣਗੇ ਜਾਂ ਪੰਜਾਬ ਛੱਡ ਚੁੱਕੇ ਹੋਣਗੇ।

**’ਆਪ’ ਤੇ ਕਾਂਗਰਸ ਨੇ ਵੋਟਾਂ ਲੈ ਕੇ ਪੰਜਾਬ ਦੀ ਪਿੱਠ ’ਚ ਛੁਰਾ ਮਾਰਿਆ: ਜਿਆਣੀ**-ਸਮਾਗਮ ਨੂੰ ਸੰਬੋਧਨ ਕਰਦਿਆਂ ਸਾਬਕਾ ਮੰਤਰੀ ਸੁਰਜੀਤ ਕੁਮਾਰ ਜਿਆਣੀ ਨੇ ਕਿਹਾ ਕਿ ਖ਼ੁਸ਼ਹਾਲ ਪੰਜਾਬ ਨੂੰ ਸਿਆਸੀ ਪਾਰਟੀਆਂ ਨੇ ਲੁੱਟ ਕੇ ਕੰਗਾਲ ਕਰ ਦਿੱਤਾ ਹੈ। ’ਆਪ’ ਅਤੇ ਕਾਂਗਰਸ ਨੇ ਝੂਠੇ ਵਾਅਦੇ ਕਰਕੇ ਵੋਟਾਂ ਬਟੋਰੀਆਂ ਅਤੇ ਲੋਕਾਂ ਨਾਲ ਵਿਸ਼ਵਾਸਘਾਤ ਕੀਤਾ। ਜਿਸ ਪੰਜਾਬ ਪੁਲਿਸ ਦੀ ਬਹਾਦਰੀ ਦਾ ਡੰਕਾ ਪੂਰੇ ਦੇਸ਼ ਵਿੱਚ ਵੱਜਦਾ ਸੀ, ਅੱਜ ਉਸ ਦੇ ਕੁਝ ਅਧਿਕਾਰੀਆਂ ਨੂੰ ਨਸ਼ਾ ਮਾਫ਼ੀਆ ਦੀ ਢਾਲ ਬਣਾ ਦਿੱਤਾ ਗਿਆ ਹੈ। ਪਰ ਹੁਣ ਪੰਜਾਬ ਦੇ ਲੋਕ ਜਾਗ ਚੁੱਕੇ ਹਨ ਅਤੇ ਉਹ ਬੈਲਟ ਰਾਹੀਂ ਇਨ੍ਹਾਂ ਧੋਖੇਬਾਜ਼ਾਂ ਨੂੰ ਮੂੰਹ-ਤੋੜ ਜਵਾਬ ਦੇਣਗੇ।

ਇਸ ਮੌਕੇ ਸੀਨੀਅਰ ਆਗੂ ਮੀਨਾ ਤਰਨੈਚ, ਰਵੀਕਰਨ ਸਿੰਘ ਕਾਹਲੋਂ, ਸਤਨਾਮ ਸਿੰਘ ਭੁੱਲਰ, ਲਵਪ੍ਰੀਤ ਸਿੰਘ, ਹਰਜੀਤ ਸਿੰਘ ਸੰਧੂ, ਨਰੇਸ਼ ਸ਼ਰਮਾ, ਅਨੂਪ ਸਿੰਘ ਭੁਲਰ, ਸਿਤਾਰਾ ਸਿੰਘ ਡਰੀਲੀ ਸਮੇਤ ਵੱਡੀ ਗਿਣਤੀ ਵਿੱਚ ਵਰਕਰ ਅਤੇ ਸਥਾਨਕ ਲੋਕ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਪਾਰਲੀਮੈਂਟ ਮੈਂਬਰ ਬਠਿੰਡਾ ਤੋਂ ਬੀਬਾ ਹਰਸਿਮਰਤ ਕੌਰ ਬਾਦਲ ਵੱਲੋਂ ਤਲਵੰਡੀ ਸਾਬੋ ਸਿਵਲ ਹਸਪਤਾਲ ਲਈ

# ਐਂਬੂਲੈਂਸ ਖਰੀਦਣ ਲਈ 8 ਲੱਖ 50 ਹਜਾਰ ਦਾ ਦਿੱਤਾ ਚੈੱਕ



**ਤਲਵੰਡੀ ਸਾਬੋ, 26 ਸਤੰਬਰ (ਗੁਰਜੰਟ ਸਿੰਘ ਨਥੇਹਾ)**-ਹਲਕਾ ਬਠਿੰਡੇ ਤੋਂ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਮੈਂਬਰ ਪਾਰਲੀਮੈਂਟ ਬੀਬਾ ਹਰਸਿਮਰਤ ਕੌਰ ਬਾਦਲ ਵੱਲੋਂ ਲੰਮੇ ਸਮੇਂ ਤੋਂ ਤਲਵੰਡੀ ਸਾਬੋ ਵਾਸੀਆਂ ਦੀ ਮੰਗ ਸੀ ਕਿ ਤਲਵੰਡੀ ਸਾਬੋ ਸਿਵਲ ਹੱਥ ਹਸਪਤਾਲ ਵਿੱਚ ਐਮਬੂਲੈਂਸ ਦੀ ਬਹੁਤ ਘਾਟ ਹੈ ਇਸ ਮੰਗ ਨੂੰ ਪੂਰਾ ਕਰਦਿਆਂ ਹੋਇਆਂ ਮੈਂਬਰ ਪਾਰਲੀਮੈਂਟ ਬੀਬਾ ਹਰਸਿਮਰਤ ਕੌਰ ਬਾਦਲ ਵੱਲੋਂ ਤਲਵੰਡੀ ਸਾਬੋ ਦੇ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਰਵੀਪ੍ਰੀਤ ਸਿੰਘ ਸਿੱਧੂ ਅਤੇ ਸਰਕਲ ਪ੍ਰਧਾਨ ਜਸਵਿੰਦਰ ਸਿੰਘ ਜੈਲਦਾਰ ਜਗਾ ਦੀ ਮੌਜੂਦਗੀ ਵਿੱਚ ਰਿਟਾਇਰ ਚੀਫ ਫਾਰਮੇਸੀ ਅਫਸਰ ਜਸਵੀਰ ਸਿੰਘ, ਬਲਦੇਵ ਸਿੰਘ ਰੁਮਾਣਾ ਐਸਐਲਟੀ ਅਤੇ ਕੁਲਵਿੰਦਰ ਸਿੰਘ ਭੂਸ਼ਣ ਨੂੰ ਆਪਣੇ ਦਫਤਰ ਵਿਖੇ ਐਂਬੂਲੈਂਸ ਖਰੀਦਣ ਲਈ 8 ਲੱਖ 50 ਹਜਾਰ ਦਾ ਚੈੱਕ ਦਿੱਤਾ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਰਦਾਰ ਰਵੀਪ੍ਰੀਤ ਸਿੰਘ ਸਿੱਧੂ ਨੇ ਦੱਸਿਆ ਕਿ ਲੰਮੇ ਸਮੇਂ ਤੋਂ ਹਲਕਾ ਤਲਵੰਡੀ ਸਾਬੋ ਦੇ ਵਾਸੀਆਂ ਦੀ ਮੰਗ ਸੀ ਕਿ ਮਰੀਜ਼ਾਂ ਨੂੰ ਲਿਆਉਣ ਤੇ ਛੱਡਣ ਵਿੱਚ ਐਂਬੂਲਸ ਦੀ ਬਹੁਤ ਲੋੜ ਸੀ ਜਿਸ ਨੂੰ ਪੂਰਾ ਕਰਦਿਆਂ ਸਾਡੇ ਮੈਂਬਰ ਪਾਰਲੀਮੈਂਟ ਬੀਬਾ ਹਰਸਿਮਰਤ ਕੌਰ ਬਾਦਲ ਵੱਲੋਂ 8 ਲੱਖ 50 ਹਜ਼ਾਰ ਦਾ ਚੈੱਕ ਉਕਤ ਵਿਅਕਤੀਆਂ ਨੂੰ ਜੋ ਸਿਵਲ ਹਸਪਤਾਲ ਤਲਵੰਡੀ ਸਾਬੋ ਦੇ ਮੁਲਾਜ਼ਮ ਹਨ ਨੂੰ ਦਿੱਤਾ ਤਾਂ ਕਿ ਐਂਬੂਲੈਂਸ ਖਰੀਦ ਕੇ ਇਲਾਕੇ ਦੇ ਲੋਕਾਂ ਦੀ ਸੇਵਾ ਕੀਤੀ ਜਾਵੇ ਓਹਨਾਂ ਬੀਬਾ ਹਰਸਿਮਰਤ ਕੌਰ ਬਾਦਲ ਦਾ ਬਹੁਤ ਬਹੁਤ ਧੰਨਵਾਦ ਕੀਤਾ। ਇਸ ਮੌਕੇ ਤਲਵੰਡੀ ਸਾਬੋ ਦੇ ਡਾਕਟਰ ਐਸਐਮਓ ਰਵੀਕਾਂਤ ਗੁਪਤਾ ਵੱਲੋਂ ਵੀ ਬਠਿੰਡਾ ਤੋਂ ਮੈਂਬਰ ਪਾਰਲੀਮੈਂਟ ਬੀਬਾ ਹਰਸਿਮਰਤ ਕੌਰ ਬਾਦਲ ਦਾ ਬਹੁਤ ਬਹੁਤ ਧੰਨਵਾਦ ਕੀਤਾ ਉਹਨਾਂ ਕਿਹਾ ਕਿ ਐਂਬੂਲੈਂਸ ਆਉਣ ਨਾਲ ਲੋਕਾਂ ਦਾ ਬਹੁਤ ਫਾਇਦਾ ਹੋਵੇਗਾ ਅਤੇ ਲੋਕਾਂ ਦੀਆਂ ਕੀਮਤੀ ਜਾਨਾਂ ਬਜਾਈਆਂ ਜਾ ਸਕਣਗੀਆਂ।

ਆਵਾਜ਼ਿ ਕੌਮ AWAZE QAUM International Newspaper & WEB TV

## ਲਾਇਸੈਂਸੀ ਹਥਿਆਰਾਂ ’ਤੇ ਰੋਕ: ਪ੍ਰੰਤੂ ਹਥਿਆਰਾਂ ਦੇ ਨਵੀਨੀਕਰਨ (ਅਸਲਾ ਅਡੀਸਨ ਵੇਰੀਫਿਕੇਸ਼ਨ) ਪੰਜਾਬ ਸਰਕਾਰ ਤੁਰੰਤ ਮੁੜ ਵਿਚਾਰ ਕਰੇ

### ਪੰਜਾਬੀਆਂ ਦੀ ਸੁਰੱਖਿਆ ਨਾਲ ਸਮਝੌਤਾ ਕਿਉਂ?



ਬੜੇ ਦੁਖੀ ਮਨ ਨਾਲ ਕਹਿਣਾ ਪੈ ਰਿਹਾ ਹੈ ਕਿ ਪੰਜਾਬ ਵਿੱਚ ਲੁੱਟ-ਖੋਹ, ਚੋਰੀਆਂ, ਡਕੈਤੀਆਂ, ਕਤਲ ਅਤੇ ਮਾਰਧਾੜ ਦੀਆਂ ਘਟਨਾਵਾਂ ਕਾਰਨ ਆਮ ਲੋਕਾਂ ਵਿੱਚ ਸੁਰੱਖਿਆ ਨੂੰ ਲੈ ਕੇ ਚਿੰਤਾ ਵਧ ਰਹੀ ਹੈ। ਅਜਿਹੇ ਮਾਹੌਲ ਵਿੱਚ ਨਵੇਂ ਹਥਿਆਰ ਲਾਇਸੈਂਸ ਜਾਰੀ ਕਰਨ ’ਤੇ ਰੋਕ ਸਬੰਧੀ ਸਰਕਾਰ ਨੂੰ ਤੁਰੰਤ ਮੁੜ ਵਿਚਾਰ ਕਰਨਾ ਚਾਹੀਦਾ ਹੈ।

ਕਈ ਬਿਨੈਕਾਰ ਨਿਰਧਾਰਤ ਮਾਪਦੰਡ ਪੂਰੇ ਕਰਨ ਅਤੇ ਲੋੜੀਂਦੀਆਂ ਫ਼ੀਸਾਂ ਜਮ੍ਹਾਂ ਕਰਵਾਉਣ ਦੇ ਬਾਵਜੂਦ ਡੀ.ਸੀ. ਅਤੇ ਐਸ.ਐਸ.ਪੀ. ਦਫ਼ਤਰਾਂ ਦੇ ਚੱਕਰ ਲਗਾ ਕੇ ਪ੍ਰੇਸ਼ਾਨ ਹੋ ਰਹੇ ਹਨ। ਜੇਕਰ ਕੋਈ ਨਾਗਰਿਕ ਕਾਨੂੰਨੀ ਮਾਪਦੰਡ ਪੂਰੇ ਕਰਦਾ ਹੈ ਤਾਂ ਉਸਦੀ ਅਰਜ਼ੀ ’ਤੇ ਪਾਰਦਰਸ਼ੀ ਅਤੇ ਸਮੇਂ-ਬੱਧ ਢੰਗ ਨਾਲ ਫ਼ੈਸਲਾ ਹੋਣਾ ਚਾਹੀਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਸਰਕਾਰ ਨੂੰ ਸਖ਼ਤ ਪੁਲਿਸ ਤਸਦੀਕ, ਯੋਗਤਾ ਦੇ ਸਪਸ਼ਟ ਮਾਪਦੰਡ ਅਤੇ ਪਾਰਦਰਸ਼ੀ ਪ੍ਰਕਿਰਿਆ ਰਾਹੀਂ ਯੋਗ ਨਾਗਰਿਕਾਂ ਦੀਆਂ ਅਰਜ਼ੀਆਂ ’ਤੇ ਵਿਚਾਰ ਕਰਨਾ ਚਾਹੀਦਾ ਹੈ। ਨਾਲ ਹੀ ਗੈਰ-ਕਾਨੂੰਨੀ ਹਥਿਆਰਾਂ ਅਤੇ ਅਪਰਾਧੀਆਂ ਵਿਰੁੱਧ ਸਖ਼ਤ ਕਾਰਵਾਈ ਹੋਣੀ ਚਾਹੀਦੀ ਹੈ। ਇਹ ਵੀ ਸਪਸ਼ਟ ਹੈ ਕਿ ਅਪਰਾਧੀ ਦੀ ਪਛਾਣ ਉਸਦੇ ਅਪਰਾਧ ਨਾਲ ਹੋਵੇ, ਉਸਦੀ ਜਾਤ, ਭਾਈਚਾਰੇ ਜਾਂ ਮੂਲ-ਰਾਜ ਨਾਲ ਨਹੀਂ। ਹਰ ਨਾਗਰਿਕ ਦੀ ਸੁਰੱਖਿਆ ਅਤੇ ਕਾਨੂੰਨ ਦੀ ਬਰਾਬਰ ਪਾਲਣਾ ਯਕੀਨੀ ਬਣਾਉਣਾ ਸਰਕਾਰ ਦੀ ਜ਼ਿੰਮੇਵਾਰੀ ਹੈ।

ਪੰਜਾਬ ਦੀ ਸੁਰੱਖਿਆ ਪੰਜਾਬੀਆਂ ਦੇ ਕਾਨੂੰਨੀ ਹੱਕ ਪੰਜਾਬੀਅਤ ਦੀ ਰੱਖਿਆ

**-ਡਾਕਟਰ ਜਗਜੀਵਨ ਸਿੰਘ, ਪ੍ਰਧਾਨ, ਮਾਤਾ ਚੰਦ ਕੌਰ ਯਾਦਗਾਰੀ ਟਰੱਸਟ ਰਜਿਸਟਰਡ ਸ਼ੇਰਪੁਰ, ਜ਼ਿਲ੍ਹਾ ਸੰਗਰੂਰ, ਪੰਜਾਬ।**

## ਗਿਆਨੀ ਭੁਪਿੰਦਰ ਸਿੰਘ ਜੀ ਗਦਲੀ ਸ੍ਰੀ ਅੰਮ੍ਰਿਤਸਰ ਸਾਹਿਬ ਵਾਲੇ ਧਰਮ ਪ੍ਰਚਾਰ ਕਰਨ ਲਈ ਯੂ ਕੇ ਵਿਦੇਸ਼ਾਂ ਦੀ ਧਰਤੀ ਜਾ ਰਹੇ ਹਨ



**ਚੌਕ ਮਹਿਤਾ,26 ਸਤੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਿੱਖ ਪੰਥ ਦੇ ਮਹਾਨ ਵਿਦਵਾਨ ਕਥਾਵਾਚਕ ਅਤੇ ਤੇਰੀ ਓਟ ਆਸ਼ਿਆਨਾ ਦੇ ਮੁੱਖੀ ਸ੍ਰੀ ਮਾਨ ਗਿਆਨੀ ਭੁਪਿੰਦਰ ਸਿੰਘ ਗਦਲੀ ਸ੍ਰੀ ਅੰਮ੍ਰਿਤਸਰ ਸਾਹਿਬ ਵਾਲੇ ਕੁਝ ਸਮੇਂ ਲਈ ਧਰਮ ਪ੍ਰਚਾਰ ਕਰਨ ਲਈ ਯੂ ਕੇ ਵਿਦੇਸ਼ ਦੀ ਧਰਤੀ ਤੇ ਜਾ ਰਹੇ ਹਨ ਯੂ ਕੇ ਦੀਆਂ ਸੰਗਤਾਂ ਵੱਖ ਵੱਖ ਥਾਵਾਂ ਤੇ ਗਿਆਨੀ ਭੁਪਿੰਦਰ ਸਿੰਘ ਗਦਲੀ ਸ੍ਰੀ ਅੰਮ੍ਰਿਤਸਰ ਸਾਹਿਬ ਵਾਲਿਆਂ ਦਾ ਸਨਮਾਨ ਕਰਨਗੇ। ਕਿਉਂ ਕਿ ਗਿਆਨੀ ਜੀ ਪੰਜਾਬ ਦੀ ਧਰਤੀ ਤੇ ਵੀ ਲੋੜਵੰਦਾਂ ਦੀ ਸੇਵਾ ਦਿਨ ਰਾਤ ਇੱਕ ਕਰਕੇ ਕਰ ਰਹੇ ਹਨ। ਜਿਨ੍ਹਾਂ ਨੇ ਪਿੰਡ ਗਦਲੀ ਵਿਖੇ ਬਹੁਤ ਵੱਡਾ ਇੱਕ ਲਾਵਾਰਸ ਬਜ਼ੁਰਗਾਂ, ਔਰਤਾਂ, ਅਤੇ ਬੱਚਿਆਂ ਲਈ ਤੇਰੀ ਓਟ ਆਸ਼ਿਆਨਾ ਖੋਲਿਆ ਗਿਆ ਜਿਸ ਵਿੱਚ ਲਾਵਾਰਸ ਤਕਰੀਬਨ 150 ਕਰੀਬ ਰਹਿ ਰਹੇ ਹਨ ਜਿਨ੍ਹਾਂ ਨੂੰ ਰੋਜ਼ਾਨਾ ਇਸ਼ਨਾਨ ਚੰਗੇ ਸਾਫ ਸੁਥਰੇ ਬਸਤ੍ਰ ਪਾਏ ਜਾਂਦੇ ਹਨ ਅਤੇ ਮਾਹਰ ਡਾਕਟਰਾਂ ਤੋਂ ਚੈਕਅੱਕ ਕਰਾਇਆ ਜਾਂਦਾ ਹੈ। ਅਤੇ ਤਾਜਾ ਲੰਗਰ ਬਣਾ ਕੇ ਤਿੰਨ ਟਾਈਮ ਛਕਾਇਆ ਜਾਂਦਾ ਹੈ। ਹੁਣ ਗਿਆਨੀ ਭੁਪਿੰਦਰ ਸਿੰਘ ਗਦਲੀ ਸ੍ਰੀ ਅੰਮ੍ਰਿਤਸਰ ਸਾਹਿਬ ਵਾਲੇ ਕੁਝ ਸਮੇਂ ਲਈ ਯੂ ਕੇ ਧਰਤੀ ਸਿੱਖ ਧਰਮ ਦਾ ਪ੍ਰਚਾਰ ਕਰਨਗੇ।

ਆਵਾਜ਼ਿ ਕੌਮ AWAZE QAUM International Newspaper & WEB TV

## ਭਗਤ ਸਿੰਘ ਜਯੰਤੀ ’ਤੇ ਕ੍ਰਾਂਤੀਕਾਰੀਆਂ ਦੇ ਸਨਮਾਨ ਲਈ ਉੱਠੀ ਆਵਾਜ਼



**ਨਵੀਂ ਦਿੱਲੀ, 26 ਸੰਤਬਰ (ਮਨਪ੍ਰੀਤ ਸਿੰਘ ਖਾਲਸਾ)**:- ਸ਼ਹੀਦ-ਏ-ਆਜ਼ਮ ਭਗਤ ਸਿੰਘ ਜੀ ਦੀ ਜਯੰਤੀ ਮੌਕੇ ਨੈਸ਼ਨਲ ਅਕਾਲੀ ਦਲ ਵੱਲੋਂ ਸ਼ਰਧਾਂਜਲੀ ਸਮਾਗਮ ਕਰਵਾਇਆ ਗਿਆ। ਰਾਸ਼ਟਰੀ ਪ੍ਰਧਾਨ ਪਰਮਜੀਤ ਸਿੰਘ ਪੰਮਾ ਦੀ ਅਗਵਾਈ ਹੇਠ ਭਗਤ ਸਿੰਘ ਜੀ ਦੇ ਚਿੱਤਰ ’ਤੇ ਫੁੱਲ ਭੇਟ ਕਰਕੇ ਦੇਸ਼ ਦੀ ਆਜ਼ਾਦੀ ਲਈ ਕੁਰਬਾਨੀਆਂ ਦੇਣ ਵਾਲੇ ਸਾਰੇ ਜਾਣੇ-ਅਣਜਾਣੇ ਸ਼ਹੀਦਾਂ ਨੂੰ ਨਮਨ ਕੀਤਾ ਗਿਆ। ਪਰਮਜੀਤ ਸਿੰਘ ਪੰਮਾ ਨੇ ਕੇਂਦਰ ਸਰਕਾਰ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੋਂ ਮੰਗ ਕੀਤੀ ਕਿ ਆਜ਼ਾਦੀ ਦੀ ਲੜਾਈ ਵਿੱਚ ਆਪਣਾ ਸਭ ਕੁਝ ਵਾਰਨ ਵਾਲੇ ਕ੍ਰਾਂਤੀਕਾਰੀਆਂ ਅਤੇ ਆਜ਼ਾਦੀ ਸੈਨਾਨੀਆਂ ਦੇ ਯੋਗਦਾਨ ਨੂੰ ਵਿਆਪਕ ਰਾਸ਼ਟਰੀ ਸਨਮਾਨ ਅਤੇ ਇਤਿਹਾਸ ਵਿੱਚ ਬਣਦਾ ਸਥਾਨ ਦਿੱਤਾ ਜਾਵੇ। ਉਨ੍ਹਾਂ ਕਿਹਾ ਕਿ ਭਗਤ ਸਿੰਘ, ਰਾਜਗੁਰੂ, ਸੁਖਦੇਵ, ਚੰਦਰਸ਼ੇਖਰ ਆਜ਼ਾਦ, ਰਾਮ ਪ੍ਰਸਾਦ ਬਿਸਮਿਲ, ਅਸ਼ਫਾਕਉੱਲਾ ਖ਼ਾਨ ਅਤੇ ਸ਼ਹੀਦ ਊਧਮ ਸਿੰਘ ਸਮੇਤ ਅਨੇਕਾਂ ਯੋਧਿਆਂ ਦੀਆਂ ਕੁਰਬਾਨੀਆਂ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣਾ ਕੌਮੀ ਜ਼ਿੰਮੇਵਾਰੀ ਹੈ। ਪੰਮਾ ਨੇ ਕਿਹਾ ਕਿ ਦੇਸ਼ ਦੀ ਆਜ਼ਾਦੀ ਅਣਗਿਣਤ ਸ਼ਹੀਦਾਂ ਦੇ ਸੰਘਰਸ਼ ਅਤੇ ਬਲਿਦਾਨ ਦਾ ਨਤੀਜਾ ਹੈ। ਉਨ੍ਹਾਂ ਜ਼ੋਰ ਦਿੱਤਾ ਕਿ ਇਨ੍ਹਾਂ ਮਹਾਨ ਯੋਧਿਆਂ ਦੇ ਨਾਮ, ਸੰਘਰਸ਼ ਅਤੇ ਕੁਰਬਾਨੀਆਂ ਨੂੰ ਸਿਰਫ਼ ਜਯੰਤੀਆਂ ਤੱਕ ਸੀਮਤ ਨਾ ਰੱਖਿਆ ਜਾਵੇ, ਬਲਕਿ ਰਾਸ਼ਟਰੀ ਪੱਧਰ ’ਤੇ ਸਨਮਾਨਿਤ ਕੀਤਾ ਜਾਵੇ। ਇਸ ਮੌਕੇ ਦੀਪਕ, ਮਿੱਤਲ, ਸੁਨੀਲ ਪੁਰੀ, ਵਰਿੰਦਰ ਆਰਿਆ, ਕੁਲਦੀਪ ਸਿੰਘ, ਬਲਵਿੰਦਰ ਸਿੰਘ ਸਰਨਾ, ਤ੍ਰਿਣ ਸੋਨੀ ਅਤੇ ਭਾਈ ਸੁਲੇਮਾਨ ਸਮੇਤ ਨੈਸ਼ਨਲ ਅਕਾਲੀ ਦਲ ਦੇ ਕਈ ਅਹੁਦੇਦਾਰ ਤੇ ਮੈਂਬਰ ਹਾਜ਼ਰ ਰਹੇ। ਸਮਾਗਮ ਦੇ ਅੰਤ ਵਿੱਚ “ਇਨਕਲਾਬ ਜ਼ਿੰਦਾਬਾਦ” ਦੇ ਨਾਅਰਿਆਂ ਨਾਲ ਸ਼ਹੀਦ ਭਗਤ ਸਿੰਘ ਅਤੇ ਹੋਰ ਅਮਰ ਕ੍ਰਾਂਤੀਕਾਰੀਆਂ ਨੂੰ ਸ਼ਰਧਾਂਜਲੀ ਦਿੱਤੀ ਗਈ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM

ਅਕਾਲ ਯੂਨੀਵਰਸਿਟੀ ਵਿਖੇ

# 5 ਰੋਜ਼ਾ 'ਆਰਟੀਫਿਸ਼ੀਅਲ ਇੰਟੈਲੀਜੈਂਸ' ਬੂਟਕੈਂਪ ਸ਼ਾਨਦਾਰ ਪ੍ਰਾਪਤੀਆਂ ਨਾਲ ਸਮਾਪਤ



**ਤਲਵੰਡੀ ਸਾਬੋ, 26 ਸਤੰਬਰ (ਗੁਰਜੰਟ ਸਿੰਘ ਨਥੇਹਾ)**-ਅਕਾਲ ਯੂਨੀਵਰਸਿਟੀ, ਤਲਵੰਡੀ ਸਾਬੋ ਦੇ ਕੰਪਿਊਟਰ ਸਾਇੰਸ ਵਿਭਾਗ ਵੱਲੋਂ ਬੀ.ਸੀ.ਏ. ਅਤੇ ਐਮ.ਸੀ.ਏ. ਦੇ ਅੰਤਿਮ ਸਾਲ ਦੇ ਵਿਦਿਆਰਥੀਆਂ ਲਈ ਲਗਾਇਆ ਗਿਆ ਪੰਜ ਰੋਜ਼ਾ 'ਆਰਟੀਫਿਸ਼ੀਅਲ ਇੰਟੈਲੀਜੈਂਸ (ਏ.ਆਈ.) ਬੂਟਕੈਂਪ' ਸਫਲਤਾਪੂਰਵਕ ਸਮਾਪਤ ਹੋ ਗਿਆ। 21 ਤੋਂ 25 ਸਤੰਬਰ ਤੱਕ ਚੱਲੇ ਇਸ ਵਿਸ਼ੇਸ਼ ਬੂਟਕੈਂਪ ਵਿੱਚ 104 ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਪ੍ਰੋਗਰਾਮ ਦੇ ਕੋਆਰਡੀਨੇਟਰ ਡਾ. ਹਰਪਾਲ ਸਿੰਘ ਦੀ ਦੇਖ-ਰੇਖ ਹੇਠ ਦੋ ਸਮਾਨਾਂਤਰ ਬੂਟਕੈਂਪ 'ਬਿਲਡਿੰਗ ਰੀਅਲ ਏ.ਆਈ. ਸਿਸਟਮਜ਼' ਅਤੇ 'ਜਨਰੇਟਿਵ ਏ.ਆਈ. ਅਤੇ ਏਜੰਟਿਕ ਏ.ਆਈ. ਸਿਸਟਮਜ਼' ਕਰਵਾਏ ਗਏ। ਇਸ ਬੂਟਕੈਂਪ ਦਾ ਮੁੱਖ ਉਦੇਸ਼ ਵਿਦਿਆਰਥੀਆਂ ਦੀ ਅਕਾਦਮਿਕ ਸਿੱਖਿਆ ਅਤੇ ਉਦਯੋਗ ਦੀਆਂ ਮੌਜੂਦਾ ਲੋੜਾਂ ਵਿਚਕਾਰਲੇ ਪਾੜੇ ਨੂੰ ਘਟਾਉਣਾ ਸੀ। 'ਟੈਰਸ ਡਾਟਾ' ਅਤੇ 'ਸਬੁੱਧ ਫਾਊਂਡੇਸ਼ਨ' ਦੇ ਮਾਹਿਰਾਂ ਵੱਲੋਂ ਵਿਦਿਆਰਥੀਆਂ ਨੂੰ ਲਗਭਗ 80 ਫੀਸਦੀ ਪ੍ਰੈਕਟੀਕਲ ਸਿਖਲਾਈ ਦਿੱਤੀ ਗਈ। ਇਸ ਦੌਰਾਨ ਮਸ਼ੀਨ ਲਰਨਿੰਗ, ਡੀਪ ਲਰਨਿੰਗ, ਕੰਪਿਊਟਰ ਵਿਜ਼ਨ, ਜਨਰੇਟਿਵ ਏ.ਆਈ., ਏਜੰਟਿਕ ਏ.ਆਈ., ਪ੍ਰੋਂਪਟ ਇੰਜੀਨੀਅਰਿੰਗ ਅਤੇ ਰੈਗ ਵਰਗੀਆਂ ਉੱਨਤ ਤਕਨੀਕਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਪ੍ਰਦਾਨ ਕੀਤੀ ਗਈ। ਵਿਦਿਆਰਥੀਆਂ ਨੇ 'ਕੈਪਸਟੋਨ ਪ੍ਰੋਜੈਕਟ' ਅਤੇ 'ਹੈਕਾਥਨ' ਰਾਹੀਂ ਆਪਣੀ ਸਿੱਖਿਆ ਨੂੰ ਅਮਲੀ ਰੂਪ ਦਿੱਤਾ ਅਤੇ ਅਸਲ ਜ਼ਿੰਦਗੀ ਨਾਲ ਜੁੜੀਆਂ ਸਮੱਸਿਆਵਾਂ ਦੇ ਤਕਨੀਕੀ ਹੱਲ ਲੱਭਣ ਦਾ ਅਭਿਆਸ ਕੀਤਾ। ਸਮਾਪਤੀ ਸਮਾਰੋਹ ਮੌਕੇ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. ਗੁਰਮੇਲ ਸਿੰਘ, ਡੀਨ ਅਕਾਦਮਿਕ ਮਾਮਲੇ ਮੇਜਰ ਜਨਰਲ ਡਾ. ਜੀ.ਐਸ. ਲਾਂਬਾ ਅਤੇ ਰਜਿਸਟਰਾਰ ਡਾ. ਸਵਰਨ ਸਿੰਘ ਉਚੇਚੇ ਤੌਰ 'ਤੇ ਪਹੁੰਚੇ। ਉਨ੍ਹਾਂ ਨੇ ਵਿਦਿਆਰਥੀਆਂ ਦੀ ਹੌਂਸਲਾ ਅਫਜ਼ਾਈ ਕਰਦਿਆਂ ਯੂਨੀਵਰਸਿਟੀ ਦੀ ਉਦਯੋਗ-ਮੁਖੀ ਅਤੇ ਤਕਨੀਕੀ ਸਿੱਖਿਆ ਪ੍ਰਤੀ ਵਚਨਬੱਧਤਾ ਨੂੰ ਦੁਹਰਾਇਆ। ਇਸ ਮੌਕੇ ਮਾਹਿਰਾਂ ਨੇ ਕਿਹਾ ਕਿ ਅਜਿਹੇ ਵਿਹਾਰਕ ਅਤੇ ਉਦਯੋਗ-ਕੇਂਦਰਿਤ ਪ੍ਰੋਗਰਾਮ ਨੌਜਵਾਨਾਂ ਨੂੰ ਆਧੁਨਿਕ ਏ.ਆਈ. ਖੇਤਰ ਦੀਆਂ ਲੋੜਾਂ ਅਨੁਸਾਰ ਤਿਆਰ ਕਰਨ ਅਤੇ ਉਨ੍ਹਾਂ ਲਈ ਬਿਹਤਰ ਰੁਜ਼ਗਾਰ ਦੇ ਮੌਕੇ ਪੈਦਾ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

ਚਿੱਟੇ ਤੋਂ ਬਾਅਦ ਹੁਣ ਮਿਲਾਵਟਖੋਰੀ ਦਾ 'ਦੈਂਤ'

# ਪੰਜਾਬੀਆਂ ਦੀ ਸਿਹਤ ਲਈ ਖ਼ਤਰਾ- ਜੋਗਾ ਸਿੰਘ ਰਾਜਪੂਤ

**ਚੌਂਕ ਮਹਿਤਾ, 26 ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜਾਬ ਪਹਿਲਾਂ ਹੀ ਨਸ਼ਿਆਂ ਦੀ ਸਮੱਸਿਆ ਕਾਰਨ ਆਪਣੀ ਨੌਜਵਾਨ ਪੀੜ੍ਹੀ ਨੂੰ ਵੱਡਾ ਨੁਕਸਾਨ ਝੱਲਦਾ ਦੇਖ ਚੁੱਕਾ ਹੈ। ਹੁਣ ਮਿਲਾਵਟਖੋਰੀ ਅਤੇ ਗੈਰ-ਮਿਆਰੀ ਖਾਣ-ਪੀਣ ਦੀਆਂ ਵਸਤਾਂ ਦਾ ਮੁੱਦਾ ਵੀ ਲੋਕਾਂ ਦੀ ਸਿਹਤ ਲਈ ਗੰਭੀਰ ਚਿੰਤਾ ਦਾ ਵਿਸ਼ਾ ਬਣਦਾ ਜਾ ਰਿਹਾ ਹੈ। ਅੰਮ੍ਰਿਤਸਰ ਜ਼ਿਲ੍ਹੇ ਵਿੱਚ ਦੁੱਧ, ਦੁੱਧ ਤੋਂ ਬਣੀਆਂ ਵਸਤਾਂ, ਮਿਠਾਈਆਂ, ਫਾਸਟ ਫੂਡ ਅਤੇ ਹੋਰ ਖਾਣ-ਪੀਣ ਵਾਲੀਆਂ ਵਸਤਾਂ ਦੀ ਗੁਣਵੱਤਾ ਨੂੰ ਲੈ ਕੇ ਸਿਹਤ ਵਿਭਾਗ ਦੀ ਕਾਰਗੁਜ਼ਾਰੀ 'ਤੇ ਸਵਾਲ ਖੜ੍ਹੇ ਹੋ ਰਹੇ ਹਨ।

**ਅੰਮ੍ਰਿਤਸਰ 'ਚ ਰੋਜ਼ਾਨਾ 5 ਤੋਂ 6 ਲੱਖ ਲੀਟਰ ਦੁੱਧ ਦੀ ਖਪਤ ਦਾ ਦਾਅਵਾ, ਸਿਹਤ ਵਿਭਾਗ ਦੀ ਸੈਂਪਲਿੰਗ ਕਾਰਵਾਈਆਂ 'ਤੇ ਉੱਠੇ ਗੰਭੀਰ ਸਵਾਲ**

ਰੋਜ਼ਾਨਾ 5 ਤੋਂ 6 ਲੱਖ ਲੀਟਰ ਦੁੱਧ ਦੀ ਖਪਤ—ਸਪਲਾਈ ਕਿੱਥੋਂ ਆ ਰਹੀ ਹੈ?

ਪ੍ਰਾਪਤ ਜਾਣਕਾਰੀ ਅਤੇ ਉਪਲਬਧ ਸਥਾਨਕ ਅੰਕੜਿਆਂ ਦੇ ਹਵਾਲੇ ਨਾਲ ਇਹ ਦਾਅਵਾ ਕੀਤਾ ਜਾ ਰਿਹਾ ਹੈ ਕਿ ਅੰਮ੍ਰਿਤਸਰ ਸ਼ਹਿਰ ਅਤੇ ਆਸ-ਪਾਸ ਦੇ ਖੇਤਰਾਂ ਵਿੱਚ ਰੋਜ਼ਾਨਾ ਲਗਭਗ 5 ਤੋਂ 6 ਲੱਖ ਲੀਟਰ ਦੁੱਧ ਦੀ ਖਪਤ ਹੁੰਦੀ ਹੈ। ਇਸ ਦੇ ਮੁਕਾਬਲੇ ਪਸ਼ੂਧਨ ਨਾਲ ਸਬੰਧਤ ਅੰਕੜਿਆਂ ਨੂੰ ਲੈ ਕੇ ਇਹ ਸਵਾਲ ਉੱਠਦਾ ਹੈ ਕਿ ਮਾਰਕੀਟ ਵਿੱਚ ਆ ਰਹੀ ਦੁੱਧ ਦੀ ਕੁੱਲ ਮਾਤਰਾ ਅਸਲ ਪਸ਼ੂਧਨ ਉਤਪਾਦਨ ਨਾਲ ਮੇਲ ਖਾਂਦੀ ਹੈ ਜਾਂ ਨਹੀਂ।



ਇਸ ਮਾਮਲੇ ਵਿੱਚ ਪਸ਼ੂ ਪਾਲਣ ਵਿਭਾਗ ਅਤੇ ਫੂਡ ਸੇਫਟੀ ਵਿਭਾਗ ਦੇ ਅਧਿਕਾਰਤ ਅੰਕੜਿਆਂ ਦੇ ਆਧਾਰ 'ਤੇ ਦੁੱਧ ਦੀ ਉਤਪਾਦਨ ਅਤੇ ਖਪਤ ਦਾ ਵਿਗਿਆਨਕ ਆਡਿਟ ਕਰਵਾਉਣ ਦੀ ਲੋੜ ਮਹਿਸੂਸ ਕੀਤੀ ਜਾ ਰਹੀ ਹੈ।

ਅਖ਼ਬਾਰਾਂ ਵਿੱਚ ਸੈਂਪਲਿੰਗ ਦੀਆਂ ਖ਼ਬਰਾਂ, ਪਰ ਰਿਪੋਰਟਾਂ ਕਿੱਥੇ?-

ਅੰਮ੍ਰਿਤਸਰ ਵਿੱਚ ਸਿਹਤ ਵਿਭਾਗ ਵੱਲੋਂ ਸਮੇਂ-ਸਮੇਂ 'ਤੇ ਮਿਠਾਈਆਂ ਦੀਆਂ ਦੁਕਾਨਾਂ, ਡੇਅਰੀਆਂ ਅਤੇ ਹੋਰ ਖਾਣ-ਪੀਣ ਵਾਲੀਆਂ ਥਾਵਾਂ 'ਤੇ ਰੇਡ ਕਰਕੇ ਸੈਂਪਲ ਲੈਣ ਦੇ ਦਾਅਵੇ ਕੀਤੇ ਜਾਂਦੇ ਹਨ। ਪਰ ਵੱਡਾ ਸਵਾਲ ਇਹ ਹੈ ਕਿ:

ਕਿੰਨੇ ਸੈਂਪਲ ਫੇਲ੍ਹ ਹੋਏ?

ਕਿੰਨੇ ਮਾਮਲਿਆਂ ਵਿੱਚ ਕਾਨੂੰਨੀ ਕਾਰਵਾਈ ਹੋਈ?

ਕਿੰਨੇ ਕੇਸ ਅਦਾਲਤਾਂ ਤੱਕ ਪਹੁੰਚੇ?

ਅਤੇ ਕਿੰਨੀਆਂ ਰਿਪੋਰਟਾਂ ਜਨਤਕ ਕੀਤੀਆਂ ਗਈਆਂ?

ਲੋਕਾਂ ਦਾ ਕਹਿਣਾ ਹੈ ਕਿ ਸਿਰਫ਼ ਸੈਂਪਲ ਲੈਣ ਦੀ ਕਾਰਵਾਈ ਨਾਲ ਮਿਲਾਵਟਖੋਰੀ ਨਹੀਂ ਰੁਕ ਸਕਦੀ। ਸੈਂਪਲ ਦੀ ਲੈਬ ਰਿਪੋਰਟ, ਉਸ ਤੋਂ ਬਾਅਦ ਦੀ ਕਾਰਵਾਈ ਅਤੇ ਦੋਸ਼ੀ ਪਾਏ ਜਾਣ 'ਤੇ ਹੋਈ ਕਾਨੂੰਨੀ ਕਾਰਵਾਈ ਵੀ ਜਨਤਾ ਦੇ ਸਾਹਮਣੇ ਆਉਣੀ ਚਾਹੀਦੀ ਹੈ।

DHO ਅਤੇ Civil Surgeon ਦੀ ਜਵਾਬਦੇਹੀ 'ਤੇ ਸਵਾਲ

ਇਸ ਪੂਰੇ ਮਾਮਲੇ ਵਿੱਚ ਜ਼ਿਲ੍ਹਾ ਸਿਹਤ ਅਫ਼ਸਰ ਸਿਵਲ ਸਰਜਨ ਅੰਮ੍ਰਿਤਸਰ ਅਤੇ ਫੂਡ ਸੇਫਟੀ ਨਾਲ ਸਬੰਧਤ ਅਧਿਕਾਰੀਆਂ ਦੀ ਜਵਾਬਦੇਹੀ 'ਤੇ ਸਵਾਲ ਉੱਠ ਰਹੇ ਹਨ।

ਜੇਕਰ ਵਿਭਾਗ ਵੱਲੋਂ ਲਗਾਤਾਰ ਸੈਂਪਲਿੰਗ ਕੀਤੀ ਜਾ ਰਹੀ ਹੈ ਤਾਂ ਉਸ ਦਾ ਨਤੀਜਾ ਜਨਤਕ ਕਰਨ ਵਿੱਚ ਕੀ ਦਿੱਕਤ ਹੈ? ਲੋਕਾਂ ਨੂੰ ਇਹ ਜਾਣਨ ਦਾ ਪੂਰਾ ਹੱਕ ਹੈ ਕਿ ਮਾਰਕੀਟ ਵਿੱਚ ਵਿਕ ਰਹੀਆਂ ਖਾਣ-ਪੀਣ ਦੀਆਂ ਵਸਤਾਂ ਫੂਡ ਸੇਫਟੀ ਦੇ ਮਾਪਦੰਡਾਂ 'ਤੇ ਖਰੀਆਂ ਉਤਰ ਰਹੀਆਂ ਹਨ ਜਾਂ ਨਹੀਂ।

ਕੀ ਸੈਂਪਲਿੰਗ ਸਿਰਫ਼ ਖਾਨਾਪੂਰਤੀ ਬਣ ਕੇ ਰਹਿ ਗਈ ਹੈ?

ਸਮਾਜ ਸੇਵੀ ਜਥੇਬੰਦੀਆਂ ਵੱਲੋਂ ਦੋਸ਼ ਲਗਾਇਆ ਜਾ ਰਿਹਾ ਹੈ ਕਿ ਕਈ ਥਾਵਾਂ 'ਤੇ ਸੈਂਪਲਿੰਗ ਅਤੇ ਚੈਕਿੰਗ ਦੀ ਕਾਰਵਾਈ ਸਿਰਫ਼ ਖਾਨਾਪੂਰਤੀ ਤੱਕ ਸੀਮਤ ਰਹਿ ਜਾਂਦੀ ਹੈ। ਹਾਲਾਂਕਿ ਇਨ੍ਹਾਂ ਦੋਸ਼ਾਂ ਦੀ ਸੁਤੰਤਰ ਪੁਸ਼ਟੀ ਨਹੀਂ ਹੋਈ, ਪਰ ਵਿਭਾਗ ਲਈ ਇਹ ਜ਼ਰੂਰੀ ਹੈ ਕਿ ਹਰ ਸੈਂਪਲ ਦੀ ਕਾਰਵਾਈ ਦਾ ਰਿਕਾਰਡ, ਲੈਬ ਨਤੀਜੇ ਅਤੇ ਕਾਨੂੰਨੀ ਕਾਰਵਾਈ ਪਾਰਦਰਸ਼ੀ ਢੰਗ ਨਾਲ ਸਾਹਮਣੇ ਰੱਖੀ ਜਾਵੇ।

ਕੁਝ ਲੋਕਾਂ ਵੱਲੋਂ ਅਧਿਕਾਰੀਆਂ 'ਤੇ ਭ੍ਰਿਸ਼ਟਾਚਾਰ ਦੇ ਦੋਸ਼ ਵੀ ਲਗਾਏ ਜਾ ਰਹੇ ਹਨ। ਇਨ੍ਹਾਂ ਦੋਸ਼ਾਂ ਦੀ ਵੀ ਸੁਤੰਤਰ ਜਾਂਚ ਤੋਂ ਬਿਨਾਂ ਪੁਸ਼ਟੀ ਨਹੀਂ ਕੀਤੀ ਜਾ ਸਕਦੀ। ਜੇਕਰ ਕਿਸੇ ਅਧਿਕਾਰੀ ਖ਼ਿਲਾਫ਼ ਅਜਿਹੀ ਕੋਈ ਸ਼ਿਕਾਇਤ ਜਾਂ ਸਬੂਤ ਹੈ ਤਾਂ ਸਰਕਾਰ ਨੂੰ ਉਸ ਦੀ ਜਾਂਚ ਕਰਵਾਉਣੀ ਚਾਹੀਦੀ ਹੈ।

ਫਾਸਟ ਫੂਡ ਅਤੇ ਅਨਹਾਈਜੀਨਿਕ ਖਾਣੇ 'ਤੇ ਵੀ ਸਵਾਲ-

ਅੰਮ੍ਰਿਤਸਰ ਸ਼ਹਿਰ ਦੇ ਕਈ ਇਲਾਕਿਆਂ ਵਿੱਚ ਗੈਰ-ਮਿਆਰੀ ਸਫ਼ਾਈ ਪ੍ਰਬੰਧਾਂ ਵਾਲੇ ਫਾਸਟ ਫੂਡ ਸਟਾਲਾਂ ਅਤੇ ਖਾਣ-ਪੀਣ ਵਾਲੀਆਂ ਥਾਵਾਂ ਬਾਰੇ ਵੀ ਸ਼ਿਕਾਇਤਾਂ ਸਾਹਮਣੇ ਆਉਂਦੀਆਂ ਰਹਿੰਦੀਆਂ ਹਨ। ਸਵਾਲ ਇਹ ਹੈ ਕਿ ਕੀ ਇਨ੍ਹਾਂ ਥਾਵਾਂ ਦੀ ਨਿਯਮਤ ਜਾਂਚ ਹੋ ਰਹੀ ਹੈ ਜਾਂ ਨਹੀਂ।

ਮਿਲਾਵਟਖੋਰੀ ਜਾਂ ਅਸਫ਼ਾਈ ਵਾਲੇ ਭੋਜਨ ਕਾਰਨ ਸਿਹਤ 'ਤੇ ਪੈਣ ਵਾਲੇ ਪ੍ਰਭਾਵ ਨੂੰ ਦੇਖਦਿਆਂ ਫੂਡ ਸੇਫਟੀ ਵਿਭਾਗ ਵੱਲੋਂ ਸਿਰਫ਼ ਤਿਉਹਾਰਾਂ ਦੇ ਸਮੇਂ ਨਹੀਂ, ਸਗੋਂ ਸਾਲ ਭਰ ਨਿਯਮਤ ਅਤੇ ਪਾਰਦਰਸ਼ੀ ਜਾਂਚ ਮੁਹਿੰਮ ਚਲਾਉਣ ਦੀ ਲੋੜ ਹੈ।

ਸਮਾਜ ਸੇਵੀ ਜਥੇਬੰਦੀਆਂ ਦੀ ਚੇਤਾਵਨੀ-

ਕੁਝ ਸਮਾਜ ਸੇਵੀ ਜਥੇਬੰਦੀਆਂ ਨੇ ਸਿਹਤ ਵਿਭਾਗ ਨੂੰ ਚੇਤਾਵਨੀ ਦਿੰਦਿਆਂ ਕਿਹਾ ਹੈ ਕਿ ਜੇਕਰ ਮਿਲਾਵਟਖੋਰੀ ਅਤੇ ਗੈਰ-ਮਿਆਰੀ ਖਾਣ-ਪੀਣ ਵਾਲੀਆਂ ਵਸਤਾਂ ਖ਼ਿਲਾਫ਼ ਪ੍ਰਭਾਵਸ਼ਾਲੀ ਕਾਰਵਾਈ ਨਾ ਕੀਤੀ ਗਈ ਤਾਂ ਉਹ 48® ਅਤੇ ਸਿਵਲ ਸਰਜਨ ਦਫ਼ਤਰ ਸਮੇਤ ਸਬੰਧਤ ਸਰਕਾਰੀ ਦਫ਼ਤਰਾਂ ਦੇ ਬਾਹਰ ਰੋਸ ਪ੍ਰਦਰਸ਼ਨ ਕਰਨਗੀਆਂ, ਗੈਰ-ਜ਼ਿੰਮੇਵਾਰ ਅਧਿਕਾਰੀਆਂ ਦੇ ਪੁਤਲੇ ਫੂਕੇ ਅਤੇ ਪੰਜਾਬ ਸਰਕਾਰ ਤੋਂ ਗੈਰ-ਜ਼ਿੰਮੇਵਾਰ ਅਧਿਕਾਰੀਆਂ ਦੀ ਜਵਾਬਦੇਹੀ ਤੈਅ ਕਰਨ ਦੀ ਮੰਗ ਕੀਤੀ ਜਾਵੇਗੀ।

ਸਰਕਾਰ ਤੋਂ 7 ਸਿੱਧੇ ਸਵਾਲ-

ਪਿਛਲੇ ਇੱਕ ਸਾਲ ਵਿੱਚ ਅੰਮ੍ਰਿਤਸਰ ਵਿੱਚ ਕੁੱਲ ਕਿੰਨੇ ਫੂਡ ਸੈਂਪਲ ਲਏ ਗਏ?

ਉਨ੍ਹਾਂ ਵਿੱਚੋਂ ਕਿੰਨੇ ਸੈਂਪਲ ਫੇਲ੍ਹ ਪਾਏ ਗਏ?

ਫੇਲ੍ਹ ਸੈਂਪਲਾਂ 'ਤੇ ਕਿੰਨੇ ਕੇਸ ਦਰਜ ਹੋਏ?

ਕਿੰਨੇ ਮਾਮਲਿਆਂ ਵਿੱਚ ਅਦਾਲਤੀ ਕਾਰਵਾਈ ਹੋਈ?

ਲੈਬ ਰਿਪੋਰਟਾਂ ਜਨਤਕ ਕਿਉਂ ਨਹੀਂ ਕੀਤੀਆਂ ਜਾਂਦੀਆਂ?

ਅੰਮ੍ਰਿਤਸਰ ਵਿੱਚ ਰੋਜ਼ਾਨਾ ਦੁੱਧ ਦੀ ਅਸਲ ਖਪਤ ਅਤੇ ਸਥਾਨਕ ਦੁੱਧ ਉਤਪਾਦਨ ਦਾ ਅਧਿਕਾਰਤ ਅੰਕੜਾ ਕੀ ਹੈ?

DHO ਅਤੇ ਸਿਵਲ ਸਰਜਨ ਦਫ਼ਤਰ ਵੱਲੋਂ ਮਿਲਾਵਟਖੋਰੀ ਰੋਕਣ ਲਈ ਕੀਤੇ ਗਏ ਕਦਮਾਂ ਦੀ ਸੁਤੰਤਰ ਸਮੀਖਿਆ ਕਦੋਂ ਹੋਵੇਗੀ?

ਹੁਣ ਲੋੜ ਸਿਰਫ਼ ਸੈਂਪਲ ਲੈਣ ਦੀਆਂ ਤਸਵੀਰਾਂ ਅਤੇ ਪ੍ਰੈੱਸ ਨੋਟ ਜਾਰੀ ਕਰਨ ਦੀ ਨਹੀਂ, ਸਗੋਂ ਸੈਂਪਲਾਂ ਦੇ ਨਤੀਜੇ ਅਤੇ ਉਸ ਤੋਂ ਬਾਅਦ ਦੀ ਕਾਨੂੰਨੀ ਕਾਰਵਾਈ ਜਨਤਾ ਸਾਹਮਣੇ ਰੱਖਣ ਦੀ ਹੈ।

# ਸਮਾਜ ਸੇਵਿਕਾ ਡਾ. ਸਵਰਾਜ ਗਰੋਵਰ ਦਾ ਨਾਮ ਗਿਨੀਜ਼ ਬੁੱਕ ਆਫ਼ ਰਿਕਾਰਡਜ਼ ਵਿੱਚ ਦਰਜ

## ਐਕਸੈਪਸ਼ਨਲ ਲਾਈਫ ਟਾਈਮ ਅਚੀਵਮੈਂਟ ਇਨ ਸੋਸ਼ਲ ਵੈਲਫੇਅਰ ਅਵਾਰਡ ਨਾਲ ਵੀ ਸਨਮਾਨਿਤ

**ਚੌਂਕ ਮਹਿਤਾ, 26 ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪ੍ਰਸਿੱਧ ਸਮਾਜ ਸੇਵਿਕਾ ਡਾ. ਸਵਰਾਜ ਗਰੋਵਰ ਦਾ ਨਾਮ ਸਾਲ 1968 ਤੋਂ ਲਗਾਤਾਰ 58 ਸਾਲਾਂ ਤੋਂ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਪੂਰੀ ਤਰ੍ਹਾਂ ਨਿਸ਼ਕਾਮ, ਜ਼ਮੀਨੀ ਅਤੇ ਵਿਹਾਰਕ ਸਮਾਜ ਸੇਵਾ ਲਈ ਗਿਨੀਜ਼ ਬੁੱਕ ਆਫ਼ ਰਿਕਾਰਡਜ਼ ਵਿੱਚ ਦਰਜ ਕੀਤਾ ਗਿਆ ਹੈ। ਚੀਫ਼ ਆਰਗੇਨਾਈਜ਼ਿੰਗ ਅਫ਼ਸਰ ਡਾ. ਸ਼ਿਵ ਸ਼ੰਕਰ ਅਤੇ ਉਨ੍ਹਾਂ ਦੀ ਟੀਮ ਵੱਲੋਂ ਡਾ. ਗਰੋਵਰ ਨੂੰ ਐਕਸੈਪਸ਼ਨਲ ਲਾਈਫ ਟਾਈਮ ਅਚੀਵਮੈਂਟ ਅਵਾਰਡ ਨਾਲ ਵੀ ਸਨਮਾਨਿਤ ਕੀਤਾ ਗਿਆ।




ਡਾ. ਗਰੋਵਰ ਕਈ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਸਮਾਜਿਕ, ਸਿੱਖਿਆ ਅਤੇ ਅਧਿਆਤਮਿਕ ਸੰਸਥਾਵਾਂ ਨਾਲ ਜੁੜੀਆਂ ਹੋਈਆਂ ਹਨ ਅਤੇ ਵੱਖ-ਵੱਖ ਮਹੱਤਵਪੂਰਨ ਅਹੁਦਿਆਂ 'ਤੇ ਆਪਣੀਆਂ ਸੇਵਾਵਾਂ ਨਿਭਾ ਰਹੀਆਂ ਹਨ। ਉਨ੍ਹਾਂ ਦੀ ਸਮਾਜ ਸੇਵਾ ਅਤੇ ਉਪਲਬਧੀਆਂ 'ਤੇ ਕਈ ਪੁਸਤਕਾਂ ਲਿਖੀਆਂ ਗਈਆਂ ਹਨ। ਰਸਾਲਿਆਂ ਅਤੇ ਅਖ਼ਬਾਰਾਂ ਵਿੱਚ ਵੀ ਉਨ੍ਹਾਂ ਦੀਆਂ ਉਪਲਬਧੀਆਂ ਦਾ ਜ਼ਿਕਰ ਅਕਸਰ ਹੁੰਦਾ ਰਹਿੰਦਾ ਹੈ ਅਤੇ ਪ੍ਰਿੰਟ ਅਤੇ ਇਲੈਕਟ੍ਰਾਨਿਕ ਮੀਡੀਆ ਵੱਲੋਂ ਉਨ੍ਹਾਂ ਦੇ ਕਾਰਜਾਂ ਨੂੰ ਸਮੇਂ-ਸਮੇਂ 'ਤੇ ਪ੍ਰਮੁੱਖਤਾ ਨਾਲ ਪ੍ਰਕਾਸ਼ਿਤ ਅਤੇ ਪ੍ਰਸਾਰਿਤ ਕੀਤਾ ਜਾਂਦਾ ਰਿਹਾ ਹੈ। ਦੱਖਣੀ ਅਮਰੀਕਾ, ਹਾਲੈਂਡ, ਚੀਨ, ਮੌਰੀਸ਼ਸ, ਬੈਂਕਾਕ, ਸਿੰਗਾਪੁਰ, ਮੈਲਬੋਰਨ, ਸਿਡਨੀ, ਸ੍ਰੀਲੰਕਾ, ਨੇਪਾਲ ਅਤੇ ਮਿਆਂਮਾਰ ਸਮੇਤ ਵੱਖ-ਵੱਖ ਦੇਸ਼ਾਂ ਵਿੱਚ ਉਨ੍ਹਾਂ ਨੂੰ ਵਿਸ਼ੇਸ਼ ਮਹਿਮਾਨ ਅਤੇ ਬੁਲਾਰੇ ਵਜੋਂ ਸੱਦਾ ਦੇ ਕੇ ਸਨਮਾਨਿਤ ਕੀਤਾ ਗਿਆ ਹੈ। ਰਾਸ਼ਟਰੀ ਪੱਧਰ 'ਤੇ ਡਾ. ਗਰੋਵਰ ਨੇ ਲਗਭਗ 20,000 ਟੁੱਟੇ-ਬਿਖਰੇ ਪਰਿਵਾਰਾਂ ਨੂੰ ਮੁੜ ਵਸਾਉਣ, 20,000 ਤੋਂ ਵੱਧ ਪਰਿਵਾਰਾਂ ਵਿੱਚ ਘਰੇਲੂ ਹਿੰਸਾ ਨੂੰ ਰੋਕਣ, ਅਨੇਕਾਂ ਬਾਲ ਵਿਆਹ ਰੋਕਣ ਅਤੇ ਦਾਜ ਪ੍ਰਥਾ, ਨਸ਼ਾਖੋਰੀ, ਭ੍ਰੂਣ ਹੱਤਿਆ, ਬਲਾਤਕਾਰ ਅਤੇ ਭ੍ਰਿਸ਼ਟਾਚਾਰ ਵਿਰੁੱਧ ਸਮਾਜਿਕ ਜਾਗਰੂਕਤਾ ਅਤੇ ਸੰਘਰਸ਼ ਦਾ ਕਾਰਜ ਕੀਤਾ ਹੈ। ਉਨ੍ਹਾਂ ਨੇ ਦਾਜ-ਰਹਿਤ ਵਿਆਹ ਕਰਵਾਉਣ ਵਿੱਚ ਸਹਿਯੋਗ ਦਿੱਤਾ, ਵਿਧਵਾਵਾਂ ਅਤੇ ਤਿਆਗੀਆਂ ਹੋਈਆਂ ਮਹਿਲਾਵਾਂ ਦੇ ਪੁਨਰਵਾਸ ਲਈ ਕੰਮ ਕੀਤਾ ਅਤੇ ਹਜ਼ਾਰਾਂ ਲੋੜਵੰਦ ਬੱਚਿਆਂ ਨੂੰ ਮੁਫ਼ਤ ਸਿੱਖਿਆ ਪ੍ਰਦਾਨ ਕੀਤੀ। ਬਜ਼ੁਰਗਾਂ ਦੀ ਭਲਾਈ, ਦਿਵਿਆਂਗਾਂ ਦੀ ਭਲਾਈ, ਸਿਹਤ ਸੇਵਾ, ਵਾਤਾਵਰਣ ਸੁਰੱਖਿਆ ਅਤੇ ਵੱਖ-ਵੱਖ ਸਮਾਜਿਕ ਜਾਗਰੂਕਤਾ ਮੁਹਿੰਮਾਂ ਦੇ ਖੇਤਰ ਵਿੱਚ ਵੀ ਉਨ੍ਹਾਂ ਦਾ ਨਿਰੰਤਰ ਯੋਗਦਾਨ ਰਿਹਾ ਹੈ। ਡਾ. ਸਵਰਾਜ ਗਰੋਵਰ ਨੇ ਇਸ ਉਪਲਬਧੀ ਨੂੰ ਉਸ ਸਮਾਜ ਨੂੰ ਸਮਰਪਿਤ ਕੀਤਾ ਹੈ, ਜਿਸ ਨੇ ਉਨ੍ਹਾਂ ਨੂੰ ਜੀਵਨ ਭਰ ਸਮਾਜ ਸੇਵਾ ਕਰਨ ਦਾ ਮੌਕਾ ਪ੍ਰਦਾਨ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

# ਇੰਗਲੈਂਡ ਵਿਚ ਧਾਰਮਿਕ ਸਮਾਗਮ ਕਰਵਾਉਣ ਵਾਲੀ ਸਖਸ਼ੀਅਤ ਜਸਵਿੰਦਰ ਸਿੰਘ ਕਾਲਾ ਦਾ ਇੰਡੀਆ ਵਿਖੇ ਬਾਬਾ ਬੁੱਢਾ ਦਲ ਛਾਉਣੀ ਨਿਹੰਗ ਸਿੰਘ ਪਟਿਆਲਾ ਨੇ ਕੀਤਾ ਨਿੱਘਾ ਸਵਾਗਤ



**ਫ਼ਿਰੋਜ਼ਪੁਰ, 26 ਸਤੰਬਰ (ਮਨੋਹਰ ਲਾਲ)** :— ਬਾਬੇ ਕੇ ਫਾਰਮ ਇੰਗਲੈਂਡ ਦੇ ਮੁੱਖ ਪ੍ਰਬੰਧਕ ਜਸਵਿੰਦਰ ਸਿੰਘ ਕਾਲਾ ਇੰਡੀਆ ਦੀ ਧਰਤੀ ਤੇ ਵਿਸ਼ੇਸ਼ ਤੌਰ ਤੇ ਪਹੁੰਚੇ। ਇਸ ਮੌਕੇ ਤੇ ਉਹ ਬਾਬਾ ਬੁੱਢਾ ਦਲ ਛਾਉਣੀ ਨਿੰਹਗ ਸਿੰਘ ਪਟਿਆਲਾ ਪਹੁੰਚੇ ਜਿਥੇ ਉਨ੍ਹਾਂ ਦਾ ਸਤਿਕਾਰ ਜਥੇਦਾਰ ਸ੍ਰੀਮਾਨ ਸੰਤ ਬਾਬਾ ਬਲਬੀਰ ਸਿੰਘ ਮੁਖੀ ਦਲ ਪੰਥ ਬਾਬਾ ਬੁੱਢਾ ਦਲ ਅਕਾਲੀ 96 ਕਰੋੜੀ ਨਿੰਹਗ ਸਿੰਘ ਜਥੇਬੰਦੀ ਵੱਲੋਂ ਦਿੱਤਾ। ਉਨ੍ਹਾਂ ਦਾ ਵਿਸ਼ੇਸ਼ ਤੌਰ ਤੇ ਸਨਮਾਨ ਕਰਦਿਆਂ ਉਨ੍ਹਾਂ ਵੱਲੋਂ ਵਿਦੇਸ਼ੀ ਧਰਤੀ ਤੇ ਕਰਵਾਏ ਜਾਂਦੇ ਧਾਰਮਿਕ ਸਮਾਗਮਾਂ ਦੀ ਪ੍ਰਸੰਸਾ ਕੀਤੀ। ਇਸ ਮੌਕੇ ਤੇ ਜਥੇਦਾਰ ਸ੍ਰੀਮਾਨ ਸੰਤ ਬਾਬਾ ਬਲਬੀਰ ਸਿੰਘ ਮੁਖੀ ਦਲ ਪੰਥ ਬਾਬਾ ਬੁੱਢਾ ਦਲ 96 ਕਰੋੜੀ ਅਕਾਲੀ ਨੇ ਬਾਬੇ ਕੇ ਫਾਰਮ ਇੰਗਲੈਂਡ ਦੇ ਜਸਵਿੰਦਰ ਸਿੰਘ ਕਾਲਾ ਨੂੰ ਜੀ ਆਇਆ ਆਖਿਆ ਅਤੇ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਅਤੇ ਕਿਹਾ ਕਿ ਉਹ ਹਰ ਸਾਲ ਦੋ ਸਮਾਗਮ ਵੱਡੇ ਪੱਧਰ ਤੇ ਕਰਵਾਓ ਦੇ ਇੱਕ ਸ੍ਰੀਮਾਨ ਸੰਤ ਬਾਬਾ ਨਾਹਰ ਸਿੰਘ ਜੀ ਜਿਨ੍ਹਾਂ ਨੇ 40 ਸਾਲ ਬਾਬੇ ਕੇ ਫਾਰਮ ਵਿੱਚ ਰਹਿਕੇ ਜੱਪ ਤੱਪ ਅਤੇ ਭਗਤੀ ਕੀਤੀ ਉਨ੍ਹਾਂ ਦੀ ਮਿੱਠੀ ਯਾਦ ਵਿੱਚ ਸਮਾਗਮ ਕਰਵਾਇਆ ਜਾਦਾ ਹੈ ਦੂਸਰਾ ਸਮਾਗਮ ਇੰਗਲੈਂਡ ਦੀ ਧਰਤੀ ਤੇ ਬਹੁਤ ਵੱਡਾ ਸਮਾਗਮ ਹਰ ਸਾਲ ਨੌਂ ਦਿਨ ਦਾ ਕਰਾਉਂਦੇ ਹਨ ਜਿੱਥੇ ਭਾਰੀ ਗਿਣਤੀ ਵਿੱਚ ਸੰਗਤਾਂ ਦੇਸ਼ ਵਿਦੇਸ਼ ਤੋਂ ਹਾਜਰੀ ਭਰਦੀਆਂ ਹਨ ਅਤੇ ਦਾਸ ਵੀ ਹਰ ਸਾਲ ਜਾਂਦੇ ਹਨ ਅਤੇ ਜੋ ਜਸਵਿੰਦਰ ਸਿੰਘ ਕਾਲਾ ਪ੍ਰਬੰਧਕ ਬਹੁਤ ਹੀ ਸ਼ਲਾਘਾਯੋਗ ਹੁੰਦਾ ਹੈ ਅਸੀਂ ਵਾਹਿਗੁਰੂ ਜੀ ਦੇ ਚਰਨਾਂ ਵਿੱਚ ਅਰਦਾਸ ਬੇਨਤੀ ਕਰਦੇ ਹਾਂ ਕਿ ਉਹ ਇਸੇ ਤਰ੍ਹਾਂ ਹੀ ਧੰਨ ਧੰਨ ਬਾਬਾ ਨੰਦ ਸਿੰਘ ਜੀ ਮਹਾਰਾਜ ਦਾ ਵੱਡੇ ਪੱਧਰ ਤੇ ਸਮਾਗਮ ਕਰਾਉਂਦੇ ਰਹਿਣ ਅਤੇ ਵਾਹਿਗੁਰੂ ਜੀ ਜਸਵਿੰਦਰ ਸਿੰਘ ਕਾਲਾ ਨੂੰ ਲੰਮੀਆਂ ਉਮਰਾਂ ਬਖਸ਼ਣ। ਇਸ ਮੌਕੇ ਤੇ ਬਾਬਾ ਜੋਗਾ ਸਿੰਘ ਕਰਨਾਲ ਵਾਲੇ, ਜਸਵਿੰਦਰ ਸਿੰਘ ਕਾਲਾ ਬਰਮਿੰਘਮ ਇਗਲੈਂਡ ਵਾਲੇ, ਬਲਰਾਜ ਸਿੰਘ ਲਵਲੀ, ਗੁਰਸੇਵਕ ਸਿੰਘ ਚੀਮਾ ਮੋਗਾ, ਸਰਬਜੀਤ ਸਿੰਘ ਜੀਤੀ ਨਿਝੱਰ ਪਿੰਡ ਕੋਠਾ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਦਸਮੇਸ਼ ਕਾਲਜ ਫ਼ਾਰ ਵਿਮਨ ਦੀਆਂ ਤਿੰਨ ਵਿਦਿਆਰਥਣਾਂ ਨੇ

# ਹਾਸਲ ਕੀਤੀ ਯੂਨੀਵਰਸਿਟੀ ਵਿੱਚ ਮੈਰਿਟ



**ਨਵਦੀਪ ਕੌਰ 30ਵਾਂ, ਅਰਸ਼ਦੀਪ ਕੌਰ 95ਵਾਂ ਅਤੇ ਕੋਮਲਪ੍ਰੀਤ ਕੌਰ ਨੇ 110ਵਾਂ ਸਥਾਨ ਹਾਸਿਲ ਕੀਤਾ**

**ਚੌਕ ਮਹਿਤਾ,26 ਸਤੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਇਲਾਕੇ ਦੀ ਨਾਮਵਰ ਸੰਸਥਾ ਦਸਮੇਸ਼ ਕਾਲਜ ਫ਼ਾਰ ਵਿਮਨ, ਮਹਿਤਾ ਚੌਕ ਦੀਆਂ ਵਿਦਿਆਰਥਣਾਂ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਬੀ.ਏ. ਭਾਗ ਪਹਿਲਾ ਦੇ ਐਲਾਨੇ ਗਏ ਨਤੀਜਿਆਂ ਵਿੱਚੋਂ ਮੈਰਿਟ ਸੂਚੀ ਵਿੱਚ ਆਪਣੇ ਨਾਮ ਦਰਜ ਕਰਵਾਇਆ ।ਕਾਲਜ ਦੀ ਹੋਣਹਾਰ ਵਿਦਿਆਰਥਣ ਨਵਦੀਪ ਕੌਰ ਨੇ 8.09 C.G.P.A ਪ੍ਰਾਪਤ ਕਰਕੇ ਯੂਨੀਵਰਸਿਟੀ ਵਿੱਚ 30ਵਾਂ ਸਥਾਨ, ਅਰਸ਼ਦੀਪ ਕੌਰ ਨੇ 7.81 C.G.P.A ਪ੍ਰਾਪਤ ਕਰਕੇ 95ਵਾਂ ਸਥਾਨ ਅਤੇ ਕੋਮਲਪ੍ਰੀਤ ਕੌਰ 7.77 C.G.P.A ਪ੍ਰਾਪਤ ਕਰਕੇ 110ਵਾਂ ਸਥਾਨ ਹਾਸਲ ਕੀਤਾ। ਸੰਸਥਾ ਦੇ ਚੇਅਰਮੈਨ ਸ. ਗੁਰਦੀਪ ਸਿੰਘ ਰੰਧਾਵਾ ਜੀ ਨੇ ਵਿਦਿਆਰਥਣਾਂ ਨੂੰ ਵਧਾਈ ਦਿੰਦਿਆਂ ਹੋਇਆਂ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਮਿਹਨਤ ਕਰਨ ਦੀ ਪ੍ਰੇਰਨਾ ਦਿੱਤੀ। ਇਸ ਸਫ਼ਲਤਾ ਦਾ ਸਿਹਰਾ ਵਿਦਿਆਰਥਣਾਂ ਨੇ ਆਪਣੇ ਅਧਿਆਪਕਾਂ ਅਤੇ ਮਾਪਿਆਂ ਨੂੰ ਦਿੱਤਾ। ਵਿਦਿਆਰਥਣਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਉਹ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਮਿਹਨਤ ਕਰਨਗੀਆਂ ਅਤੇ ਉੱਚੇ ਮੁਕਾਮ ਹਾਸਿਲ ਕਰਨਗੀਆਂ। ਇਸ ਮੌਕੇ ਮੈਡਮ ਗੁਰਬੀਰ ਕੌਰ, ਮੈਡਮ ਹਰਪ੍ਰੀਤ ਕੌਰ, ਮੈਡਮ ਰਵਿੰਦਰ ਕੌਰ , ਮੈਡਮ ਸਰਬਜੀਤ ਕੌਰ,ਸਮੂਹ ਸਟਾਫ਼ ਅਤੇ ਵਿਦਿਆਰਥੀ ਹਾਜ਼ਰ ਸਨ।

### ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ ਸੱਭਿਆਚਾਰਕ ਪ੍ਰੋਗਰਾਮ

# 'ਵਿਰਾਸਤ-ਏ-ਪੰਜਾਬ- ਖੇਡ ਭਾਰਤੀ' ਦਾ ਪੋਸਟਰ ਰਿਲੀਜ਼



**ਤਲਵੰਡੀ ਸਾਬੋ, 26 ਸਤੰਬਰ (ਗੁਰਜੰਟ ਸਿੰਘ ਨਥੇਹਾ)**-ਗੁਰੂ ਕਾਸ਼ੀ ਯੂਨੀਵਰਸਿਟੀ ਦੇ ਡਾਇਰੈਕਟੋਰੇਟ ਆਫ਼ ਯੁਵਾ ਤੇ ਸੱਭਿਆਚਾਰਕ ਮਾਮਲੇ ਵੱਲੋਂ ਖੇਡ ਭਾਰਤੀ ਪੰਜਾਬ ਦੇ ਸਹਿਯੋਗ ਨਾਲ ਵਾਈਸ ਚਾਂਸਲਰ ਡਾ. ਬਲਰਾਜ ਸਿੰਘ ਦੀ ਰਹਿ ਨੁਮਾਈ ਹੇਠ ਪੰਜਾਬੀ ਲੋਕ-ਨਾਚ ਭੰਗੜੇ ਦਾ ਰਾਜ ਪੱਧਰੀ ਮੁਕਾਬਲਾ "ਵਿਰਾਸਤ-ਏ-ਪੰਜਾਬ-ਖੇਡ ਭਾਰਤੀ" ਦੇ ਨਾਮ ਹੇਠ ਮਿਤੀ 16 ਅਕਤੂਬਰ 2026 ਨੂੰ ਜੀ.ਕੇ.ਯੂ. ਦੇ ਆਡੀਟੋਰੀਅਮ ਵਿਖੇ ਕਰਵਾਇਆ ਜਾ ਰਿਹਾ ਹੈ। ਇਸ ਸੰਬੰਧੀ ਕੀਤੇ ਜਾ ਰਹੇ ਪ੍ਰਬੰਧਾਂ ਦੀ ਲੜੀ ਨੂੰ ਜਾਰੀ ਰੱਖਦਿਆਂ ਵਰਸਿਟੀ ਅਧਿਕਾਰੀਆਂ ਅਤੇ ਖੇਡ ਭਾਰਤੀ ਦੇ ਨੁਮਾਇੰਦਿਆਂ ਵੱਲੋਂ ਪੋਸਟਰ ਜਾਰੀ ਕੀਤਾ ਗਿਆ। ਇਸ ਮੌਕੇ ਡਾਇਰੈਕਟਰ ਯੁਵਾ ਤੇ ਸੱਭਿਆਚਾਰਕ ਮਾਮਲੇ ਡਾ. ਕੰਵਲਜੀਤ ਕੌਰ, ਖੇਡ ਭਾਰਤੀ ਪੰਜਾਬ ਦੇ ਸੰਗਠਨ ਮੰਤਰੀ ਦੀਪਕ ਸ਼ਰਮਾ, ਸੈਕਟਰੀ ਜਲੰਧਰ ਅਕੁੰਸ਼ ਅਗਨੀਹੋਤਰੀ, ਜੁਆਇੰਟ ਸੈਕਟਰੀ ਜਲੰਧਰ ਨਿਤੀਸ਼ ਕੁਮਾਰ, ਵਰਸਿਟੀ ਦੇ ਅਧਿਕਾਰੀ ਅਤੇ ਵਿਦਿਆਰਥੀ ਹਾਜ਼ਰ ਹੋਏ। ਪੋਸਟਰ ਰੀਲੀਜ਼ ਮੌਕੇ ਵਾਈਸ ਚਾਂਸਲਰ ਡਾ. ਸਿੰਘ ਨੇ ਕਿਹਾ ਕਿ ਵਰਸਿਟੀ ਭਾਰਤੀ, ਅਮੀਰ ਪੰਜਾਬੀ ਵਿਰਸੇ ਨੂੰ ਜ਼ਿੰਦਾ ਰੱਖਣ ਅਤੇ ਨਵੀਂ ਪੀੜ੍ਹੀ ਨੂੰ ਇਸ ਨਾਲ ਜੋੜੇ ਰੱਖਣ ਲਈ ਹਰ ਸੰਭਵ ਯਤਨ ਕਰ ਰਹੀ ਹੈ। ਵਰਸਿਟੀ ਵੱਲੋਂ ਪਹਿਲਾਂ ਹੀ ਅਮੀਰ ਪੰਜਾਬੀ ਸੱਭਿਆਚਾਰਕ ਵਿਰਾਸਤ ਗੱਤਕੇ ਲਈ ਵਿਸ਼ੇਸ਼ ਪ੍ਰੋਗਰਾਮ ਸ਼ੁਰੂ ਕੀਤੇ ਗਏ ਹਨ। ਇਸ ਮੌਕੇ ਡਾਇਰੈਕਟਰ ਯੁਵਾ ਤੇ ਸੱਭਿਆਚਾਰਕ ਮਾਮਲੇ ਡਾ. ਕੌਰ ਨੇ ਕਿਹਾ ਕਿ ਪੰਜਾਬੀ ਲੋਕ-ਨਾਚ ਭੰਗੜੇ ਦੇ ਇਸ ਮੁਕਾਬਲੇ ਵਿੱਚ ਪੰਜਾਬ ਦੀਆਂ ਵੱਖ-ਵੱਖ ਯੂਨੀਵਰਸਿਟੀਆਂ ਅਤੇ ਕਾਲਜਾਂ ਦੀਆਂ ਟੀਮਾਂ ਆਪਣੀ ਕਲਾ ਦੇ ਜ਼ੌਹਰ ਵਿਖਾਉਣਗੀਆਂ। ਉਹਨਾਂ ਦੱਸਿਆ ਕਿ ਮੁਕਾਬਲੇ ਵਿੱਚ ਪਹਿਲੇ ਨੰਬਰ ਤੇ ਰਹਿਣ ਵਾਲੀ ਟੀਮ ਨੂੰ ਆਯੋਜਕਾਂ ਵੱਲੋਂ 51000/- ਰੁਪਏ, ਦੂਜੇ ਨੰਬਰ ਤੇ ਰਹਿਣ ਵਾਲੀ ਟੀਮ ਨੂੰ 31000/- ਰੁਪਏ ਤੇ ਤੀਜੇ ਨੰਬਰ ਤੇ ਰਹਿਣ ਵਾਲੀ ਟੀਮ ਨੂੰ 11000/- ਰੁਪਏ ਦੇ ਨਗਦ ਇਨਾਮ, ਸਰਟੀਫਿਕੇਟ ਅਤੇ ਟਰਾਫ਼ੀਆਂ ਨਾਲ ਸਨਮਾਨਿਤ ਕੀਤਾ ਜਾਵੇਗਾ। ਉਹਨਾਂ ਦੱਸਿਆ ਕਿ ਇਸ ਮੁਕਾਬਲੇ ਵਿੱਚ ਪੰਜਾਬੀ ਫ਼ਿਲਮੀ ਦੁਨੀਆਂ ਦੇ ਨਾਮਵਰ ਕਲਾਕਾਰਾਂ ਦੇ ਪੁੱਜਣ ਦੀ ਉਮੀਦ ਹੈ। ਪੋਸਟਰ ਰੀਲੀਜ਼ ਮੌਕੇ ਖੇਡ ਭਾਰਤੀ ਪੰਜਾਬ ਦੇ ਸੰਗਠਨ ਮੰਤਰੀ ਦੀਪਕ ਸ਼ਰਮਾ ਨੇ ਕਿਹਾ ਕਿ ਖੇਡ ਭਾਰਤੀ ਨੌਜਵਾਨ ਪੀੜ੍ਹੀ ਨੂੰ ਨਸ਼ਿਆ ਤੋਂ ਦੂਰ ਰੱਖਣ ਲਈ ਹਰ ਸੰਭਵ ਉਪਰਾਲੇ ਕਰ ਰਹੀ ਹੈ। ਉਹਨਾਂ ਕਿਹਾ ਕਿ ਨੌਜਵਾਨ-ਪੀੜ੍ਹੀ ਜੋ ਪੱਛਮੀ ਸੱਭਿਅਤਾ ਵੱਲ ਆਕਰਸ਼ਿਤ ਹੋ ਰਹੀ ਹੈ, ਉਸਨੂੰ ਪੰਜਾਬੀ ਅਮੀਰ ਵਿਰਸੇ ਨਾਲ ਜੋੜੇ ਰੱਖਣ ਲਈ ਇਹ ਉਪਰਾਲਾ ਕੀਤਾ ਜਾ ਰਿਹਾ ਹੈ। ਜਿਸ ਨੂੰ ਸਮੂਹ ਪੰਜਾਬੀਆਂ ਦਾ ਭਰਪੂਰ ਪਿਆਰ ਮਿਲ ਰਿਹਾ ਹੈ।

# ਪੰਜਾਬ ਫੋਰੈਸਟ ਪੈਨਸ਼ਨ ਐਸੋਸੀਏਸ਼ਨ ਦੀ ਹੋਈ ਮੀਟਿੰਗ

ਫ਼ਿਰੋਜ਼ਪੁਰ, 26 ਸਤੰਬਰ (ਮਨੋਹਰ ਲਾਲ):— ਪੰਜਾਬ ਫੋਰੈਸਟ ਪੈਨਸ਼ਨਰਜ ਐਸੋਸੀਏਸ਼ਨ ਜਿਲ੍ਹਾ ਕਮੇਟੀ ਜਲੰਧਰ ਦੇ ਪ੍ਰਧਾਂਨ ਦਰਸ਼ਨ ਸਿੰਘ ਦੀ ਅਗਵਾਈ ਵਿੱਚ ਵਣ ਪੈਨਸ਼ਨਰਜ ਦਾ ਵਫਦ ਵਣ ਮੰਡਲ ਅਫ਼ਸਰ ਜਲੰਧਰ ਐਟ ਫਿਲੌਰ ਨੂੰ ਮਿਲਿਆ ਅਤੇ ਵਣ ਪੈਨਸ਼ਨਰਜ ਦੇ ਬਣਦੇ ਡੀ.ਏ ਅਤੇ ਲੀਵ ਇਨਕੈਸ਼ਮੈਂਟ ਦੇ ਬਕਾਏ, ਮੈਡੀਕਲ ਬਿੱਲਾਂ ਦੀ ਅਦਾਇਗੀ, ਛੁੱਟੀਆਂ ਦੇ ਬਕਾਏ ਸਮੇਂ ਸਿਰ ਦੇਣ, ਛੁੱਟੀਆਂ ਦੇ ਬਕਾਏ ਦੇਣ ਆਦਿ ਮਸਲਿਆਂ ਬਾਰੇ ਵਿਚਾਰਾਂ ਕੀਤੀਆਂ ਗਈਆਂ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਮੁਹਿੰਦਰ ਸਿੰਘ ਧਾਲੀਵਾਲ ਨੇ ਦੱਸਿਆ ਕਿ ਹੋਈ ਗੱਲਬਾਤ ਦੇ ਸਬੰਧ ਵਿੱਚ ਵਣ ਮੰਡਲ ਅਫ਼ਸਰ ਫ਼ਿਲੌਰ ਨੇ ਪੈਨਸ਼ਨਰਜ ਆਗੂਆਂ ਨੂੰ ਯਕੀਨ ਦਵਾਇਆ ਕਿ ਵਣ ਪੈਨਸ਼ਨਰਜ ਦੇ ਮਸਲੇ ਪਹਿਲ ਦੇ ਆਧਾਰ ਤੇ ਹੱਲ ਕੀਤੇ ਜਾਣਗੇ। ਇਸ ਮੌਕੇ ਜਗਮਿੰਦਰ ਸਿੰਘ ਮੰਡਲ ਸੁਪਰਡੈਂਟ, ਸੁੱਚਾ ਲਾਲ ਕੈਸ਼ੀਅਰ, ਸਤਪਾਲ ਸਿੰਘ ਸੂਬਾ ਆਗੂ, ਸਾਧੂ ਰਾਮ, ਅਮਰਜੀਤ ਪਾਲ ਹਾਜਰ ਸਨ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਗੁਰਦੁਆਰਾ ਜਾਮਨੀ ਸਾਹਿਬ ਵਿਖੇ ਅਰਦਾਸ ਉਪਰੰਤ

# ਫਿਰੋਜ਼ਪੁਰ ਸ਼ਹਿਰੀ ਹਲਕੇ ਵਿੱਚ ਚੋਣ ਗਤੀਵਿਧੀਆਂ ਦੀ ਸ਼ੁਰੂਆਤ

## ਤੇਜਿੰਦਰ ਸਿੰਘ ਦਿਓਲ ਦੀ ਚੋਣ ਮੁਹਿੰਮ ਸਬੰਧੀ ਪਾਰਟੀ ਆਗੂਆਂ ਤੇ ਵਰਕਰਾਂ ਵੱਲੋਂ ਮੀਟਿੰਗ







ਫ਼ਿਰੋਜ਼ਪੁਰ, 26 ਸਤੰਬਰ (ਮਨੋਹਰ ਲਾਲ) :— ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਵੱਲੋਂ ਵਿਧਾਨ ਸਭਾ ਹਲਕਾ ਫਿਰੋਜ਼ਪੁਰ ਸ਼ਹਿਰੀ ਵਿੱਚ ਆਪਣੀਆਂ ਚੋਣ ਗਤੀਵਿਧੀਆਂ ਦੀ ਰਸਮੀ ਸ਼ੁਰੂਆਤ ਕੀਤੀ ਗਈ। ਇਸ ਸਬੰਧੀ ਅੱਜ ਪਾਰਟੀ ਆਗੂਆਂ ਅਤੇ ਵਰਕਰਾਂ ਦੀ ਇੱਕ ਅਹਿਮ ਮੀਟਿੰਗ ਕੀਤੀ ਗਈ ਅਤੇ ਗੁਰਦੁਆਰਾ ਜਾਮਨੀ ਸਾਹਿਬ ਵਿਖੇ ਗੁਰੂ ਸਾਹਿਬ ਦੇ ਚਰਨਾਂ ਵਿੱਚ ਅਰਦਾਸ ਕਰਕੇ ਹਲਕੇ ਅੰਦਰ ਚੋਣ ਮੁਹਿੰਮ ਨੂੰ ਅੱਗੇ ਵਧਾਉਣ ਦਾ ਆਗਾਜ਼ ਕੀਤਾ ਗਿਆ। ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਵੱਲੋਂ ਵਿਧਾਨ ਸਭਾ ਹਲਕਾ ਫਿਰੋਜ਼ਪੁਰ ਸ਼ਹਿਰੀ ਲਈ ਤੇਜਿੰਦਰ ਸਿੰਘ ਦਿਓਲ ਦੀ ਚੋਣ ਮੁਹਿੰਮ ਨੂੰ ਲੈ ਕੇ ਪਾਰਟੀ ਆਗੂਆਂ ਅਤੇ ਵਰਕਰਾਂ ਨੇ ਵਿਚਾਰ ਵਟਾਂਦਰਾ ਕੀਤਾ।ਮੀਟਿੰਗ ਦੌਰਾਨ ਹਲਕੇ ਦੇ ਵੱਖ—ਵੱਖ ਇਲਾਕਿਆਂ ਵਿੱਚ ਲੋਕਾਂ ਨਾਲ ਸੰਪਰਕ ਵਧਾਉਣ, ਪਾਰਟੀ ਦੀਆਂ ਨੀਤੀਆਂ ਅਤੇ ਮੁੱਦਿਆਂ ਨੂੰ ਘਰ ਘਰ ਤੱਕ ਪਹੁੰਚਾਉਣ ਅਤੇ ਜਥੇਬੰਦਕ ਢਾਂਚੇ ਨੂੰ ਹੋਰ ਸਰਗਰਮ ਕਰਨ ਸਬੰਧੀ ਵਿਚਾਰ ਸਾਂਝੇ ਕੀਤੇ ਗਏ। ਇਸ ਮੌਕੇ ਤੇਜਿੰਦਰ ਸਿੰਘ ਦਿਓਲ ਨੇ ਪਾਰਟੀ ਆਗੂਆਂ ਅਤੇ ਵਰਕਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਚੋਣ ਮੁਹਿੰਮ ਦੌਰਾਨ ਫਿਰੋਜ਼ਪੁਰ ਸ਼ਹਿਰੀ ਹਲਕੇ ਦੇ ਲੋਕਾਂ ਨਾਲ ਸਿੱਧਾ ਸੰਪਰਕ ਕੀਤਾ ਜਾਵੇਗਾ ਤੇ ਉਨ੍ਹਾਂ ਦੇ ਸਥਾਨਕ ਮੁੱਦਿਆਂ, ਸਮੱਸਿਆਵਾਂ ਅਤੇ ਲੋੜਾਂ ਨੂੰ ਸੁਣਿਆ ਜਾਵੇਗਾ। ਉਨ੍ਹਾਂ ਕਿਹਾ ਕਿ ਹਲਕੇ ਦੇ ਲੋਕਾਂ ਨਾਲ ਸੰਵਾਦ ਅਤੇ ਜਥੇਬੰਦਕ ਤਾਲਮੇਲ ਨੂੰ ਮੁਹਿੰਮ ਦਾ ਅਹਿਮ ਹਿੱਸਾ ਬਣਾਇਆ ਜਾਵੇਗਾ।ਮੀਟਿੰਗ ਵਿੱਚ ਪਾਰਟੀ ਦੇ ਜ਼ਿਲ੍ਹਾ ਅਤੇ ਹਲਕਾ ਪੱਧਰੀ ਆਗੂਆਂ ਨੇ ਆਉਣ ਵਾਲੇ ਸਮੇਂ ਦੌਰਾਨ ਵੱਖ—ਵੱਖ ਵਾਰਡਾਂ, ਮੁਹੱਲਿਆਂ ਅਤੇ ਪਿੰਡਾਂ ਵਿੱਚ ਮੀਟਿੰਗਾਂ ਅਤੇ ਲੋਕ ਸੰਪਰਕ ਪ੍ਰੋਗਰਾਮ ਕਰਨ ਸਬੰਧੀ ਵੀ ਵਿਚਾਰ ਸਾਂਝੇ ਕੀਤੇ। ਪਾਰਟੀ ਵਰਕਰਾਂ ਨੂੰ ਆਪਸੀ ਤਾਲਮੇਲ ਨਾਲ ਜਥੇਬੰਦਕ ਸਰਗਰਮੀਆਂ ਨੂੰ ਅੱਗੇ ਵਧਾਉਣ ਲਈ ਕਿਹਾ ਗਿਆ।ਇਸ ਮੌਕੇ ਗੁਰਚਰਨ ਸਿੰਘ ਭੁੱਲਰ ਜ਼ਿਲ੍ਹਾ ਪ੍ਰਧਾਨ ਫਿਰੋਜ਼ਪੁਰ, ਸੂਰਤ ਸਿੰਘ ਮਮਦੋਟ, ਪ੍ਰਗਟ ਸਿੰਘ ਵਾਹਕਾ, ਜਗਜੀਤ ਸਿੰਘ ਸ਼ੂਸ਼ਕ, ਸੁੱਚਾ ਸਿੰਘ ਭਾਨੇ ਵਾਲੀ, ਸੁੱਚਾ ਸਿੰਘ ਮਹਾਲਮ, ਸੁਖਦੇਵ ਸਿੰਘ ਵੇਹੜੀ, ਹਜ਼ਾਰਾ ਸਿੰਘ ਆਰਿਫਕੇ, ਸੁਖਮੰਦਰ ਸਿੰਘ, ਜਸਵੰਤ ਸਿੰਘ ਮਮਦੋਟ, ਕਰਤਾਰ ਸਿੰਘ ਉਪਲ, ਐਡਵੋਕੇਟ ਮਨਮੀਤ ਸਿੰਘ, ਗੁਰਲਾਲ ਸਿੰਘ ਫਰੀਦੇਵਾਲਾ, ਨਿਸ਼ਾਨ ਸਿੰਘ ਸੰਧੂ, ਗਗਨਦੀਪ ਸਿੰਘ ਨਿਜ਼ਾਮਵਾਲਾ, ਬਲਵੀਰ ਸਿੰਘ ਕੁੰਡੇ ਅਤੇ ਸੁਖਚੈਨ ਸਿੰਘ ਬਸਤੀ ਗੁਲਾਬ ਵਾਲੀ ਸਮੇਤ ਪਾਰਟੀ ਦੇ ਹੋਰ ਆਗੂ ਅਤੇ ਵਰਕਰ ਹਾਜ਼ਰ ਸਨ ਅੰਤ ਵਿੱਚ ਸਮੂਹ ਆਗੂਆਂ ਵੱਲੋਂ ਗੁਰੂ ਸਾਹਿਬ ਅੱਗੇ ਅਰਦਾਸ ਕੀਤੀ ਗਈ ਕਿ ਪਾਰਟੀ ਦੀਆਂ ਆਉਣ ਵਾਲੀਆਂ ਗਤੀਵਿਧੀਆਂ ਅਤੇ ਲੋਕ ਸੇਵਾ ਦੇ ਕਾਰਜ ਚੜ੍ਹਦੀ ਕਲਾਂ ਵਿੱਚ ਰਹਿਣ।

# ਅਮਨਦੀਪ ਹਸਪਤਾਲ ਵਿਖੇ 28 ਸਤੰਬਰ ਨੂੰ ਲੱਗੇਗਾ ਮੁਫ਼ਤ ਸਪੀਰੋਮੈਟਰੀ ਕੈਂਪ



ਫ਼ਿਰੋਜ਼ਪੁਰ, 26 ਸਤੰਬਰ (ਮਨੋਹਰ ਲਾਲ) :— ਸਾਹ ਨਾਲ ਸਬੰਧਤ ਬਿਮਾਰੀਆਂ ਪ੍ਰਤੀ ਲੋਕਾਂ ਨੂੰ ਜਾਗਰੂਕ ਕਰਨ ਅਤੇ ਫੇਫੜਿਆਂ ਦੀਆਂ ਬਿਮਾਰੀਆਂ ਦੀ ਸਮੇਂ ਸਿਰ ਪਛਾਣ ਕਰਨ ਦੇ ਉਦੇਸ਼ ਨਾਲ ਅਮਨਦੀਪ ਹਸਪਤਾਲ ਫਿਰੋਜ਼ਪੁਰ ਵੱਲੋਂ ਉਜਾਲਾ ਸਿਗਨਸ ਹਸਪਤਾਲਾਂ ਦੀ ਭਾਈਵਾਲੀ ਅਤੇ ਸ਼ਹੀਦ ਭਗਤ ਸਿੰਘ ਰਾਜਗੁਰੂ ਸੁਖਦੇਵ ਮੈਮੋਰੀਅਲ ਸੋਸਾਇਟੀ ਦੇ ਸਹਿਯੋਗ ਨਾਲ 28 ਸਤੰਬਰ ਨੂੰ ਮੁਫ਼ਤ ਸਪੀਰੋਮੈਟਰੀ ਕੈਂਪ ਲਗਾਇਆ ਜਾਵੇਗਾ। ਇਹ ਕੈਂਪ ਸਵੇਰੇ 10 ਵਜੇ ਤੋਂ ਦੁਪਹਿਰ 2 ਵਜੇ ਤੱਕ ਲੱਗੇਗਾ।ਕੈਂਪ ਦੌਰਾਨ ਆਧੁਨਿਕ ਤਕਨੀਕ ਰਾਹੀਂ ਫੇਫੜਿਆਂ ਦੀ ਮੁਫ਼ਤ ਜਾਂਚ ਕੀਤੀ ਜਾਵੇਗੀ ਅਤੇ ਮਾਹਿਰ ਡਾਕਟਰਾਂ ਵੱਲੋਂ ਮਰੀਜ਼ਾਂ ਨੂੰ ਲੋੜੀਂਦੀ ਡਾਕਟਰੀ ਸਲਾਹ ਦਿੱਤੀ ਜਾਵੇਗੀ।ਹਸਪਤਾਲ ਪ੍ਰਬੰਧਨ ਅਨੁਸਾਰ ਸਪੀਰੋਮੈਟਰੀ ਇੱਕ ਸੌਖਾ, ਸੁਰੱਖਿਅਤ ਅਤੇ ਦਰਦ ਰਹਿਤ ਟੈਸਟ ਹੈ, ਜਿਸ ਰਾਹੀਂ ਦਮਾ, ਸੀਓਪੀਡੀ ਅਤੇ ਫੇਫੜਿਆਂ ਨਾਲ ਸਬੰਧਤ ਹੋਰ ਬਿਮਾਰੀਆਂ ਦੀ ਸ਼ੁਰੂਆਤੀ ਪੜਾਅ ਤੇ ਪਛਾਣ ਕਰਨ ਵਿੱਚ ਮਦਦ ਮਿਲਦੀ ਹੈ। ਕੈਂਪ ਦੌਰਾਨ ਸੀਨੀਅਰ ਕੰਸਲਟੈਂਟ ਇੰਟਰਨਲ ਮੈਡੀਸਨ ਡਾ: ਚਰਨਜੀਤ ਸਿੰਘ ਅਤੇ ਕੰਸਲਟੈਂਟ ਇੰਟਰਨਲ ਮੈਡੀਸਨ ਡਾ: ਪ੍ਰਦੀਪ ਕੁਮਾਰ ਮਿੱਤਲ ਮਰੀਜ਼ਾਂ ਦੀ ਜਾਂਚ ਕਰਕੇ ਉਨ੍ਹਾਂ ਨੂੰ ਜ਼ਰੂਰੀ ਸਲਾਹ ਦੇਣਗੇ। ਇਸ ਦੇ ਨਾਲ ਹੀ ਸਾਹ ਨਾਲ ਸਬੰਧਤ ਬਿਮਾਰੀਆਂ ਤੋਂ ਬਚਾਅ, ਇਲਾਜ ਅਤੇ ਜੀਵਨਸ਼ੈਲੀ ਵਿੱਚ ਲੋੜੀਂਦੀਆਂ ਤਬਦੀਲੀਆਂ ਸਬੰਧੀ ਵੀ ਜਾਣਕਾਰੀ ਦਿੱਤੀ ਜਾਵੇਗੀ।ਕੈਂਪ ਦਾ ਉਦਘਾਟਨ ਅਮਨਦੀਪ ਹਸਪਤਾਲ ਦੇ ਫੈਸਿਲਿਟੀ ਡਾਇਰੈਕਟਰ ਡਾ: ਅਭਿਸ਼ੇਕ ਅਰੋੜਾ ਤੇ ਸ਼ਹੀਦ ਭਗਤ ਸਿੰਘ ਰਾਜਗੁਰੂ ਸੁਖਦੇਵ ਮੈਮੋਰੀਅਲ ਸੋਸਾਇਟੀ ਦੇ ਮੈਂਬਰਾਂ ਵੱਲੋਂ ਸਾਂਝੇ ਤੌਰ ਤੇ ਕੀਤਾ ਜਾਵੇਗਾ। ਅਮਨਦੀਪ ਹਸਪਤਾਲ ਦੀ ਡਾਇਰੈਕਟਰ ਡਾ: ਅਮਨਦੀਪ ਕੌਰ ਨੇ ਕਿਹਾ ਕਿ ਹਵਾ ਪ੍ਰਦੂਸ਼ਣ, ਧੂੜ, ਧੂੰਏ ਅਤੇ ਬਦਲਦੀ ਜੀਵਨਸ਼ੈਲੀ ਕਾਰਨ ਸਾਹ ਨਾਲ ਸਬੰਧਤ ਬਿਮਾਰੀਆਂ ਦਾ ਖਤਰਾ ਵੱਧ ਰਿਹਾ ਹੈ।ਉਨ੍ਹਾਂ ਕਿਹਾ ਕਿ ਜਾਗਰੂਕਤਾ ਦੀ ਘਾਟ ਕਾਰਨ ਕਈ ਲੋਕ ਸਮੇਂ ਸਿਰ ਆਪਣੀ ਜਾਂਚ ਨਹੀਂ ਕਰਵਾਉਂਦੇ, ਜਿਸ ਕਾਰਨ ਬਿਮਾਰੀ ਗੰਭੀਰ ਰੂਪ ਧਾਰ ਸਕਦੀ ਹੈ। ਇਸ ਮੁਫ਼ਤ ਸਪੀਰੋਮੈਟਰੀ ਕੈਂਪ ਦਾ ਮੁੱਖ ਉਦੇਸ਼ ਆਧੁਨਿਕ ਸਿਹਤ ਸੇਵਾਵਾਂ ਨੂੰ ਆਮ ਲੋਕਾਂ ਤੱਕ ਪਹੁੰਚਾਉਣਾ ਅਤੇ ਫੇਫੜਿਆਂ ਦੀ ਸਿਹਤ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਹੈ। ਉਨ੍ਹਾਂ ਦੱਸਿਆ ਕਿ ਲੰਬੇ ਸਮੇਂ ਤੋਂ ਖੰਘ, ਸਾਹ ਫੁਲਣ ਜਾਂ ਸਾਹ ਲੈਣ ਵਿੱਚ ਦਿੱਕਤ ਵਾਲੇ ਲੋਕਾਂ ਲਈ ਇਹ ਜਾਂਚ ਵਿਸ਼ੇਸ਼ ਤੌਰ ਤੇ ਲਾਹੇਵੰਦ ਹੋ ਸਕਦੀ ਹੈ। ਇਸ ਤੋਂ ਇਲਾਵਾ ਸਿਗਰਟਨੋਸ਼ੀ ਕਰਨ ਵਾਲੇ ਜਾਂ ਪਹਿਲਾਂ ਕਰ ਚੁੱਕੇ ਲੋਕਾਂ ਅਤੇ ਧੂੜ, ਧੂੰਏ, ਰਸਾਇਣਾਂ, ਫੈਕਟਰੀਆਂ ਜਾਂ ਇੱਟਾਂ ਦੇ ਭੱਠਿਆਂ ਵਰਗੇ ਮਾਹੌਲ ਵਿੱਚ ਕੰਮ ਕਰਨ ਵਾਲੇ ਲੋਕਾਂ ਨੂੰ ਵੀ ਫੇਫੜਿਆਂ ਦੀ ਜਾਂਚ ਪ੍ਰਤੀ ਜਾਗਰੂਕ ਰਹਿਣਾ ਚਾਹੀਦਾ ਹੈ। ਉਨ੍ਹਾਂ ਇਲਾਕਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਮੁਫ਼ਤ ਸਿਹਤ ਕੈਂਪ ਦਾ ਵੱਧ ਤੋਂ ਵੱਧ ਲਾਭ ਲੈਣ ਅਤੇ ਆਪਣੇ ਪਰਿਵਾਰਕ ਮੈਂਬਰਾਂ ਨੂੰ ਵੀ ਜਾਂਚ ਲਈ ਪ੍ਰੇਰਿਤ ਕਰਨ।

## ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਵਿਖੇ

# ਧਾਰਮਿਕ ਸਮਾਗਮ ਕਰਵਾਏ ਗਏ



ਫ਼ਿਰੋਜ਼ਪੁਰ, 26 ਸਤੰਬਰ (ਮਨੋਹਰ ਲਾਲ) :— ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਵਿਖੇ ਅੱਸੂ ਦੀ ਪੂਰਨਮਾਸ਼ੀ ਦਾ ਦਿਹਾੜਾ ਸਮੂਹ ਸੰਗਤਾਂ ਵੱਲੋਂ ਬਹੁਤ ਹੀ ਸ਼ਰਧਾ, ਭਾਵਨਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਬੰਧਕਾਂ ਨੇ ਦੱਸਿਆ ਕਿ ਇਸ ਸ਼ੁਭ ਦਿਹਾੜੇ ਮੌਕੇ ਸਭ ਤੋਂ ਪਹਿਲਾਂ ਸ਼੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਭੋਗ ਉਪਰੰਤ ਵਿਸ਼ੇਸ਼ ਦੀਵਾਨ ਸਜਾਏ ਗਏ, ਜਿਸ ਵਿੱਚ ਵੱਡੀ ਗਿਣਤੀ ਵਿੱਚ ਪਹੁੰਚੇ ਰਾਗੀ, ਢਾਡੀ ਅਤੇ ਕਵੀਸ਼ਰੀ ਜਥਿਆਂ ਵੱਲੋਂ ਆਪਣੀ ਮਧੁਰ ਬਾਣੀ ਅਤੇ ਢਾਡੀ ਵਾਰਾਂ ਨਾਲ ਸੰਗਤਾਂ ਨੂੰ ਗੁਰੂ ਇਤਿਹਾਸ ਸੁਣਾ ਕੇ ਨਿਹਾਲ ਕੀਤਾ ਗਿਆ। ਇਸ ਸਮਾਗਮ ਦੌਰਾਨ ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਦੇ ਮੁੱਖ ਸੇਵਾਦਾਰ ਸ਼੍ਰੀਮਾਨ ਸੰਤ ਬਾਬਾ ਬੋਹੜ ਸਿੰਘ ਤੂਤਾਂ ਵਾਲਿਆਂ ਨੇ ਕਥਾ ਵਿਚਾਰਾਂ ਕਰਦਿਆਂ ਸੰਗਤਾਂ ਨੂੰ ਗੁਰਮਤਿ ਨਾਲ ਜੋੜਿਆ। ਉਨ੍ਹਾਂ ਆਪਣੇ ਵਚਨਾਂ ਵਿੱਚ ਆਖਿਆ ਕਿ ਸਾਨੂੰ ਸਾਰਿਆਂ ਨੂੰ ਬਾਣੀ ਅਤੇ ਬਾਣੇ ਦਾ ਧਾਰਨੀ ਹੋਣਾ ਚਾਹੀਦਾ ਹੈ, ਹਰ ਗੁਰਸਿੱਖ ਨੂੰ ਸਵੇਰੇ ਅੰਮ੍ਰਿਤ ਵੇਲੇ ਉੱਠ ਕੇ ਗੁਰਬਾਣੀ ਦਾ ਪਾਠ ਕਰਨਾ ਚਾਹੀਦਾ ਹੈ, ਵੱਧ ਤੋਂ ਵੱਧ ਅੰਮ੍ਰਿਤ ਛੱਕ ਕੇ ਗੁਰੂ ਵਾਲੇ ਬਣਨਾ ਚਾਹੀਦਾ ਹੈ ਅਤੇ ਨਸ਼ਿਆਂ ਵਰਗੀਆਂ ਭੈੜੀਆਂ ਅਲਾਮਤਾਂ ਦਾ ਪੂਰਨ ਤੌਰ ਤੇ ਤਿਆਗ ਕਰਨਾ ਚਾਹੀਦਾ ਹੈ। ਇਸ ਦੇ ਨਾਲ ਹੀ ਸ਼੍ਰੀਮਾਨ ਸੰਤ ਬਾਬਾ ਬੋਹੜ ਸਿੰਘ ਨੇ ਉਚੇਚੇ ਤੌਰ ਤੇ ਨੌਜਵਾਨ ਪੀੜ੍ਹੀ ਨੂੰ ਅਪੀਲ ਕੀਤੀ ਕਿ ਉਹ ਆਪਣੇ ਵੱਡੇ—ਵਡੇਰਿਆਂ, ਮਾਤਾ—ਪਿਤਾ ਅਤੇ ਬਜ਼ੁਰਗਾਂ ਦੀ ਸੱਚੇ ਮਨ ਨਾਲ ਸੇਵਾ ਕਰਨ। ਸ਼੍ਰੀਮਾਨ ਸੰਤ ਬਾਬਾ ਬੋਹੜ ਸਿੰਘ ਤੂਤਾਂ ਵਾਲਿਆਂ ਨੇ ਧੰਨ ਧੰਨ ਸ਼੍ਰੀ ਗੁਰੂ ਅਮਰਦਾਸ ਜੀ ਦੇ ਜੋਤੀ ਜੋਤ ਗੁਰਪੁਰਬ ਤੇ ਸੰਗਤਾਂ ਨੂੰ ਕਿਹਾ ਕਿ ਉਹ ਗੁਰੂ ਸਾਹਿਬ ਜੀ ਦੇ ਦਰਸਾਏ ਹੋਏ ਮਾਰਗ ਤੇ ਚੱਲ ਕੇ ਆਪਣਾ ਜੀਵਨ ਸਫਲ ਬਣਾਉਣਾ ਚਾਹੀਦਾ ਹੈ। ਸ਼੍ਰੀਮਾਨ ਸੰਤ ਬਾਬਾ ਬੋਹੜ ਸਿੰਘ ਨੇ ਅੱਗੇ ਕਿਹਾ ਕਿ 22 ਅਕਤੂਬਰ ਨੂੰ ਮਹਾਰਾਜ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਤਾ ਗੱਦੀ ਦਿਵਸ ਅਤੇ ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਦੇ ਸੰਤ ਬਾਬਾ ਮਹਿਰਮਦਾਸ ਜੀ ਦਾ ਭੰਡਾਰਾ 22 ਅਕਤੂਬਰ 6 ਕੱਤਕ ਦਿਨ ਵੀਰਵਾਰ ਨੂੰ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਜਾਵੇਗਾ। ਇਸ ਮੌਕੇ ਤੇ ਮਹਾਨ ਗੁਰਮਤਿ ਸਮਾਗਮ ਵੀ ਕਰਵਾਇਆ ਜਾਵੇਗਾ ਜਿਸ ਵਿੱਚ ਭਾਰੀ ਗਿਣਤੀ ਵਿੱਚ ਸੰਤ ਮਹਾਂਪੁਰਸ਼ ਅਤੇ ਸੰਗਤਾਂ ਪਹੁੰਚ ਰਹੀਆਂ ਹਨ। ਸਮਾਗਮ ਦੌਰਾਨ ਭਾਈ ਹਰਪਿੰਦਰ ਸਿੰਘ (ਗੁਰਦੁਆਰਾ ਛੱਪੜੀ ਸਾਹਿਬ) ਵੱਲੋਂ ਸਟੇਜ ਸਕੱਤਰ ਦੀ ਸੇਵਾ ਬਹੁਤ ਹੀ ਸੁਚੱਜੇ, ਸੰਜੀਦਾ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਨਿਭਾਈ ਗਈ। ਇਸ ਸਮਾਗਮ ਵਿੱਚ ਇਲਾਕੇ ਭਰ ਤੋਂ ਭਾਰੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰੀ ਅਤੇ ਗੁਰੂ ਘਰ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਸਮਾਗਮ ਦੇ ਅੰਤ ਵਿੱਚ ਆਈਆਂ ਸਭ ਸੰਗਤਾਂ ਲਈ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

## ਮਾਤਾ ਗੁਜਰ ਕੌਰ ਦੀ ਯਾਦ ਵਿੱਚ ਲੋੜਵੰਦ ਧੀਆਂ ਲਈ ਖੋਲਿਆ ਮੁਫਤ ਸਿਲਾਈ ਸੈਂਟਰ

# ਭਾਈ ਤੇਜਿੰਦਰ ਸਿੰਘ ਸਿਕਰਾਮੈਂਟੋ ਨੇ ਕੀਤਾ ਉਦਘਾਟਨ



**ਫਤਿਹਗੜ੍ਹ ਸਾਹਿਬ ( ਰਣਜੀਤ ਸਿੰਘ ਪੇਧਨੀ )**-ਸਰਹੰਦ ਦੀ ਬ੍ਰਾਹਮਣ ਮਾਜਰਾ ਦੀ ਬਸਤੀ ਵਿੱਚ ਗਰੀਬ ਅਤੇ ਲੋੜਵੰਦ ਧੀਆਂ ਨੂੰ ਆਤਮ ਨਿਰਭਰ ਬਣਾਉਣ ਲਈ ਦੁਨੀਆਂ ਦੀ ਮਹਾਨ ਸ਼ਹੀਦ ਮਾਤਾ ਗੁਜਰ ਕੌਰ ਦੀ ਯਾਦ ਵਿੱਚ ਮੁਫਤ ਸਿਲਾਈ ਸੈਂਟਰ ਦਾ ਉਦਘਾਟਨ ਕੀਤਾ ਗਿਆ । ਉਪਰੋਕਤ ਜਾਣਕਾਰੀ ਦਿੰਦਿਆਂ ਸੇਵਾ ਦੇ ਇਸ ਮਿਸ਼ਨ ਦੇ ਮੁੱਖ ਪ੍ਰਬੰਧਕ ਸਮਾਜ ਸੇਵੀ ਭਾਨ ਸਿੰਘ ਜੱਸੀ ਨੇ ਦੱਸਿਆ ਕਿ ਸਲਾਈ ਸੈਂਟਰ ਦਾ ਉਦਘਾਟਨ ਭਾਈ ਤੇਜਿੰਦਰ ਸਿੰਘ ਸਿਕਰਾਮੈਂਟੋ ਵਾਲਿਆਂ ਨੇ ਕੀਤਾ।



ਉਹਨਾਂ ਦੱਸਿਆ ਕਿ ਅਸੀਂ ਮਹਾਨ ਸ਼ਹੀਦ ਬਾਬਾ ਜੋਰਾਵਰ ਸਿੰਘ ਅਤੇ ਬਾਬਾ ਫਤਿਹ ਸਿੰਘ ਜੀ ਦੀ ਯਾਦ ਵਿੱਚ 2015 ਤੋਂ ਲਗਾਤਾਰ ਝੁੱਗੀਆਂ ਅਤੇ ਸਲੰਮ ਏਰੀਏ ਵਿੱਚ ਰਹਿੰਦੇ ਗਰੀਬਾਂ ਦੇ ਬੱਚਿਆਂ ਨੂੰ ਜਿੱਥੇ ਮੁਫਤ ਸਿੱਖਿਆ ਦੇਣ ਦੀ ਸੇਵਾ ਕਰ ਰਹੇ ਹਾਂ ਉਥੇ ਸ਼ਹੀਦ ਮਾਤਾ ਗੁਜਰ ਕੌਰ ਜੀਆਂ ਦੀ ਯਾਦ ਵਿੱਚ ਧੀਆਂ ਨੂੰ ਸਲਾਈ ਸੈਂਟਰ ਦੀ ਟ੍ਰੇਨਿੰਗ ਦੇਕੇ ਆਤਮ ਨਿਰਭਰ ਬਣਾਉਣ ਦਾ ਉਪਰਾਲਾ ਕੀਤਾ ਜਾ ਰਿਹਾ ਹੈ। ਸਲਾਈ ਸੈਂਟਰ ਦਾ ਉਦਘਾਟਨ ਕਰਨ ਉਪਰੰਤ ਬੋਲਦਿਆਂ ਸਮਾਜ ਸੇਵੀ ਭਾਈ ਤੇਜਿੰਦਰ ਸਿੰਘ ਸਿਕਰਾਮੈਂਟੋ ਨੇ ਖੁਸ਼ੀ ਪ੍ਰਗਟ ਕਰਦਿਆਂ ਦੱਸਿਆ ਕਿ ਸਲੰਮ ਏਰੀਏ ਦੇ ਇਹ ਗਰੀਬ ਬੱਚੇ ਜਿੱਥੇ ਪੜਨ ਵਿੱਚ ਮੱਲਾਂ ਮਾਰ ਰਹੇ ਹਨ ਉੱਥੇ ਇਹ ਬੱਚੇ ਗੁਰੂਆਂ ਦੀਆਂ ਕੁਰਬਾਨੀਆਂ ਸਬੰਧੀ ਧਾਰਮਿਕ ਗੀਤ ਗਾਕੇ ਅਤੇ ਸਤਿਨਾਮ ਵਾਹਿਗੁਰੂ ਦਾ ਜਾਪ ਕਰਕੇ ਇਨਸਾਨੀ ਕਦਰਾਂ ਕੀਮਤਾਂ ਨਾਲ ਜੁੜਨ ਦਾ ਯਤਨ ਕਰ ਰਹੇ ਹਨ। ਇਸ ਮੌਕੇ ਹੋਰਨਾਂ ਤੋਂ ਇਲਾਵਾ ਗੁਰਬੀਰ ਸਿੰਘ ਮੋਹਾਲੀ, ਮੈਡਮ ਪੂਜਾ ਰਾਣੀ, ਮੈਡਮ ਮਨਦੀਪ ਕੌਰ ਅਤੇ ਸਤਨਾਮ ਸਿੰਘ ਆਦਿ ਸ਼ਖਸੀਅਤਾਂ ਹਾਜ਼ਰ ਸਨ। ਸਮਾਗਮ ਦੇ ਅੰਤ ਵਿੱਚ ਮਾਤਾ ਗੁਜਰ ਕੌਰ ਦੀ ਯਾਦ ਵਿੱਚ ਖੋਲੇ ਗਏ ਮੁਫਤ ਸਲਾਈ ਸੈਂਟਰ ਦਾ ਉਦਘਾਟਨ ਕਰਨ ਦੀ ਸੇਵਾ ਲਈ ਵਿਸ਼ੇਸ਼ ਤੌਰ ਤੇ ਪਹੁੰਚੇ , ਭਾਈ ਤੇਜਿੰਦਰ ਸਿੰਘ ਸਿਕਰਾਮੈਂਟੋ (ਯੂ.ਐਸ.ਏ ) , ਟੀਚਰਾਂ , ਸਲਾਈ ਟਰੇਨਰ ਲੜਕੀਆਂ ਅਤੇ ਬੱਚਿਆਂ ਦਾ ਸਮਾਜ ਸੇਵੀ ਭਾਨ ਸਿੰਘ ਜੱਸੀ ਨੇ ਵਿਸ਼ੇਸ਼ ਧੰਨਵਾਦ ਕੀਤਾ।

# ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਦੇ ਸਮਾਪਤੀ ਸਮਾਗਮ ਵੀ ਲਾਲ ਕਿਲ੍ਹੇ 'ਤੇ ਹੋਣਗੇ: ਕਾਲਕਾ, ਕਾਹਲੋਂ



**ਨਵੀਂ ਦਿੱਲੀ, 26 ਸਤੰਬਰ (ਮਨਪ੍ਰੀਤ ਸਿੰਘ ਖਾਲਸਾ)**-ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਅਤੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਨੇ ਐਲਾਨ ਕੀਤਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਦੇ ਸਮਾਪਤੀ ਸਮਾਗਮ ਵੀ ਆਰੰਭਤਾ ਸਮਾਗਮਾਂ ਵਾਂਗ ਲਾਲ ਕਿਲ੍ਹੇ ਵਿਖੇ ਕਰਵਾਏ ਜਾਣਗੇ। ਗੁਰਦੁਆਰਾ ਰਕਾਬਗੰਜ ਸਾਹਿਬ ਵਿਖੇ ਸਮਾਪਤੀ ਸਮਾਗਮਾਂ ਨੂੰ ਸਮਰਪਿਤ ਸਹਿਜ ਪਾਠਾਂ ਦੀ ਲੜੀ ਦੀ ਆਰੰਭਤਾ ਮੌਕੇ ਉਨ੍ਹਾਂ ਦੱਸਿਆ ਕਿ 14 ਦਸੰਬਰ ਨੂੰ ਗੁਰੂ ਸਾਹਿਬ ਦਾ ਸ਼ਹੀਦੀ ਦਿਹਾੜਾ ਮਨਾਇਆ ਜਾਵੇਗਾ ਅਤੇ ਇਸੇ ਦੌਰਾਨ ਸਾਲ ਭਰ ਚੱਲੇ ਸ਼ਹੀਦੀ ਸ਼ਤਾਬਦੀ ਸਮਾਗਮਾਂ ਦੀ ਸੰਪੂਰਨਤਾ ਹੋਵੇਗੀ। ਦਿੱਲੀ ਸਰਕਾਰ ਸਮਾਗਮਾਂ ਵਿੱਚ ਭਾਈਵਾਲ ਬਣਨਾ ਚਾਹੇਗੀ ਤਾਂ ਉਸਦਾ ਸਵਾਗਤ ਕੀਤਾ ਜਾਵੇਗਾ। ਕਾਲਕਾ ਤੇ ਕਾਹਲੋਂ ਨੇ ਦੱਸਿਆ ਕਿ ਅਕਤੂਬਰ, ਨਵੰਬਰ ਅਤੇ ਦਸੰਬਰ ਦੌਰਾਨ ਸਮਾਪਤੀ ਸਮਾਗਮਾਂ ਸਬੰਧੀ ਕਈ ਪ੍ਰੋਗਰਾਮ ਉਲੀਕੇ ਗਏ ਹਨ। ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਜਿਨ੍ਹਾਂ ਨੇ ਅਜੇ ਸਹਿਜ ਪਾਠਾਂ ਦੀ ਲੜੀ ਸ਼ੁਰੂ ਨਹੀਂ ਕੀਤੀ, ਉਹ ਹੁਣ ਸ਼ੁਰੂ ਕਰਨ। ਸਹਿਜ ਪਾਠਾਂ ਦੇ ਭੋਗ 14 ਦਸੰਬਰ ਨੂੰ ਗੁਰਦੁਆਰਾ ਸੀਸਗੰਜ ਸਾਹਿਬ ਵਿਖੇ ਪਾਏ ਜਾਣਗੇ। ਆਰੰਭਤਾ ਸਮਾਗਮ ਵਿੱਚ ਧਰਮ ਪ੍ਰਚਾਰ ਕਮੇਟੀ ਦੇ ਚੇਅਰਮੈਨ ਜਸਪ੍ਰੀਤ ਸਿੰਘ ਕਰਮਸਰ, ਮੈਂਬਰ ਗੁਰਦੇਵ ਸਿੰਘ, ਗੁਰਮੀਤ ਸਿੰਘ ਭਾਟੀਆ, ਇੰਦਰਪ੍ਰੀਤ ਸਿੰਘ ਮੋਂਟੀ, ਮੀਡੀਆ ਸਲਾਹਕਾਰ ਸੁਦੀਪ ਸਿੰਘ, ਕੰਵਲਜੀਤ ਸਿੰਘ ਜੌਲੀ, ਜਤਿੰਦਰਪਾਲ ਸਿੰਘ ਗੋਲਡੀ ਅਤੇ ਸਤਨਾਮ ਸਿੰਘ ਜੱਗਾ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਸ਼ਮੂਲੀਅਤ ਕੀਤੀ।

# ਦਿੱਲੀ ਕਮੇਟੀ ਅਧੀਨ ਗੁਰੂਘਰਾਂ ਦੇ ਬਿਜਲੀ ਬਿੱਲ, ਮੁਲਾਜ਼ਮਾਂ ਦੀਆਂ ਤਨਖਾਹਾਂ ਤੇ ਪੀ ਐਫ ਵੀ ਪੁੱਜੇ ਸੰਕਟ 'ਚ: ਪਰਮਜੀਤ ਸਿੰਘ ਵੀਰਜੀ ਦਾ ਸਵਾਲ—"ਗੁਰੂ ਦੀ ਗੋਲਕ ਦਾ ਇੱਕ-ਇੱਕ ਰੁਪਇਆ ਕਿੱਥੇ ਗਿਆ ?"

ਨਵੀਂ ਦਿੱਲੀ, 26 ਸਤੰਬਰ (ਮਨਪ੍ਰੀਤ ਸਿੰਘ ਖਾਲਸਾ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੌਜੂਦਾ ਪ੍ਰਬੰਧਕਾਂ 'ਤੇ ਤਿੱਖਾ ਹਮਲਾ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਬੁਲਾਰੇ ਅਤੇ ਗੁਰੂਬਾਣੀ ਰਿਸਰਚ ਫਾਊਂਡੇਸ਼ਨ ਦੇ ਮੁਖੀ ਪਰਮਜੀਤ ਸਿੰਘ ਵੀਰਜੀ ਨੇ ਕਿਹਾ ਕਿ ਗੁਰੂਘਰਾਂ ਦੇ ਬਿਜਲੀ ਬਿੱਲਾਂ ਦੀ ਅਦਾਇਗੀ, ਮੁਲਾਜ਼ਮਾਂ ਦੀਆਂ ਤਨਖਾਹਾਂ ਅਤੇ ਪੀ ਐਫ ਵਰਗੀਆਂ ਬੁਨਿਆਦੀ ਜ਼ਿੰਮੇਵਾਰੀਆਂ ਵੀ ਜੇ ਸੰਕਟ ਵਿੱਚ ਆ ਜਾਣ ਤਾਂ ਇਹ ਸਿਰਫ਼ ਵਿੱਤੀ ਸਮੱਸਿਆ ਨਹੀਂ, ਸਗੋਂ ਪ੍ਰਬੰਧਕਾਂ ਦੀ ਜਵਾਬਦੇਹੀ ਦਾ ਗੰਭੀਰ ਮਾਮਲਾ ਹੈ। ਉਨ੍ਹਾਂ ਕਿਹਾ ਕਿ ਗੁਰੂਘਰਾਂ ਦੀ ਗੋਲਕ ਸੰਗਤ ਦੀ ਅਮਾਨਤ ਹੈ ਅਤੇ ਇਸ ਅਮਾਨਤ ਦਾ ਹਿਸਾਬ ਦੇਣਾ ਹਰ ਅਹੁਦੇਦਾਰ ਦੀ ਜ਼ਿੰਮੇਵਾਰੀ ਹੈ। ਪਰਮਜੀਤ ਸਿੰਘ ਵੀਰਜੀ ਨੇ ਕਿਹਾ ਕਿ ਜੇਕਰ ਕਮੇਟੀ ਕੋਲ ਗੁਰੂਘਰਾਂ ਦੇ ਬਿਜਲੀ ਬਿੱਲਾਂ, ਮੁਲਾਜ਼ਮਾਂ ਦੀਆਂ ਤਨਖਾਹਾਂ ਅਤੇ ਪੀ.ਐਫ ਦੀਆਂ ਜ਼ਿੰਮੇਵਾਰੀਆਂ ਪੂਰੀਆਂ ਕਰਨ ਲਈ ਲੋੜੀਂਦੇ ਸਰੋਤਾਂ ਸਬੰਧੀ ਸੰਕਟ ਪੈਦਾ ਹੋ ਰਿਹਾ ਹੈ ਤਾਂ ਸੰਗਤ ਨੂੰ ਇਸ ਦਾ ਪੂਰਾ ਵਿੱਤੀ ਚਿੱਠਾ ਦਿੱਤਾ ਜਾਣਾ ਚਾਹੀਦਾ ਹੈ। ਉਨ੍ਹਾਂ ਸਵਾਲ ਕੀਤਾ ਕਿ ਕਰੋੜਾਂ ਰੁਪਏ ਦੀਆਂ ਦੇਣਦਾਰੀਆਂ ਕਿਵੇਂ ਵਧੀਆਂ, ਆਮਦਨ ਕਿੱਥੇ ਖਰਚ ਹੋਈ ਅਤੇ ਵਿੱਤੀ ਪ੍ਰਬੰਧਨ ਵਿੱਚ ਕਿਹੜੀਆਂ ਕਮੀਆਂ ਰਹੀਆਂ। ਉਨ੍ਹਾਂ ਕਿਹਾ, "ਗੁਰੂ ਦੀ ਗੋਲਕ ਕਿਸੇ ਦੀ ਨਿੱਜੀ ਜਾਗੀਰ ਨਹੀਂ। ਸੰਗਤ ਦੇ ਪੈਸੇ ਦੀ ਇੱਕ-ਇੱਕ ਪਾਈ ਦਾ ਹਿਸਾਬ ਜਨਤਕ ਹੋਣਾ ਚਾਹੀਦਾ ਹੈ।" ਉਨ੍ਹਾਂ ਮੰਗ ਕੀਤੀ ਕਿ 2002 ਤੋਂ ਹੁਣ ਤੱਕ ਦੀਆਂ ਆਡਿਟ ਰਿਪੋਰਟਾਂ, ਆਮਦਨ-ਖਰਚੇ ਦੇ ਵੇਰਵੇ ਅਤੇ ਸਾਰੀਆਂ ਵੱਡੀਆਂ ਦੇਣਦਾਰੀਆਂ ਦਾ ਰਿਕਾਰਡ ਸੰਗਤ ਸਾਹਮਣੇ ਰੱਖਿਆ ਜਾਵੇ। ਜੇ ਕਿਸੇ ਜਾਂਚ ਵਿੱਚ ਕਿਸੇ ਵਿਅਕਤੀ ਵੱਲੋਂ ਕਮੇਟੀ ਦੇ ਪੈਸੇ ਦੀ ਗਲਤ ਵਰਤੋਂ ਜਾਂ ਨਿੱਜੀ ਲਾਭ ਲੈਣ ਦੀ ਪੁਸ਼ਟੀ ਹੁੰਦੀ ਹੈ ਤਾਂ ਕਾਨੂੰਨ ਅਨੁਸਾਰ ਜਵਾਬਦੇਹੀ ਤੈਅ ਕਰਕੇ ਦੋਸ਼ੀ ਵਿਅਕਤੀਆਂ ਦੀਆਂ ਜਾਇਦਾਦਾਂ ਜ਼ਬਤ/ਕੁਰਕ ਕਰਵਾਉਣ ਦੀ ਕਾਨੂੰਨੀ ਕਾਰਵਾਈ ਕੀਤੀ ਜਾਵੇ ਅਤੇ ਕਾਨੂੰਨ ਅਨੁਸਾਰ ਵਸੂਲੀ ਕਰਕੇ ਕਮੇਟੀ ਦੀਆਂ ਦੇਣਦਾਰੀਆਂ ਦੀ ਅਦਾਇਗੀ ਲਈ ਰਕਮ ਵਰਤੀ ਜਾਵੇ। ਉਨ੍ਹਾਂ ਕਿਹਾ ਕਿ ਕਿਸੇ ਨੂੰ ਵੀ ਅਹੁਦਾ ਛੱਡ ਕੇ ਜਵਾਬਦੇਹੀ ਤੋਂ ਬਚਣ ਦਾ ਰਸਤਾ ਨਹੀਂ ਮਿਲਣਾ ਚਾਹੀਦਾ। ਪਰਮਜੀਤ ਸਿੰਘ ਵੀਰਜੀ ਨੇ ਕਿਹਾ ਕਿ ਅਹੁਦੇ ਆਉਂਦੇ-ਜਾਂਦੇ ਰਹਿੰਦੇ ਹਨ, ਪਰ ਗੁਰੂਘਰ ਦੀ ਅਮਾਨਤ ਦਾ ਹਿਸਾਬ ਸੰਗਤ ਅਤੇ ਇਤਿਹਾਸ ਦੋਵਾਂ ਨੂੰ ਦੇਣਾ ਪੈਂਦਾ ਹੈ। ਉਨ੍ਹਾਂ ਮੰਗ ਕੀਤੀ ਕਿ ਕਮੇਟੀ ਤੁਰੰਤ ਬਿਜਲੀ ਬਿੱਲਾਂ, ਮੁਲਾਜ਼ਮਾਂ ਦੀਆਂ ਤਨਖਾਹਾਂ, ਪੀ ਐਫ ਅਤੇ ਹੋਰ ਸਾਰੀਆਂ ਦੇਣਦਾਰੀਆਂ ਦਾ ਪੂਰਾ ਚਿੱਠਾ ਜਾਰੀ ਕਰੇ ਅਤੇ 2002 ਤੋਂ ਅੱਜ ਤੱਕ ਦਾ ਵਿੱਤੀ ਰਿਕਾਰਡ ਸੰਗਤ ਸਾਹਮਣੇ ਰੱਖੇ। ਉਨ੍ਹਾਂ ਕਿਹਾ ਕਿ ਸੰਗਤ ਨੂੰ ਹਿਸਾਬ ਚਾਹੀਦਾ ਹੈ, ਦਸਤਾਵੇਜ਼ ਚਾਹੀਦੇ ਹਨ ਅਤੇ ਜਿੱਥੇ ਕਾਨੂੰਨ ਅਨੁਸਾਰ ਜ਼ਿੰਮੇਵਾਰੀ ਸਾਬਤ ਹੋਵੇ, ਉੱਥੇ ਜਵਾਬਦੇਹੀ ਅਤੇ ਕਾਨੂੰਨੀ ਵਸੂਲੀ ਵੀ ਹੋਣੀ ਚਾਹੀਦੀ ਹੈ।



# ਭਾਰਤ ਵਿੱਚ 5 ਵਿੱਚੋਂ 1 ਹਾਰਟ ਅਟੈਕ ਮਰੀਜ਼ 40 ਸਾਲ ਤੋਂ ਘੱਟ ਉਮਰ ਦਾ: ਡਾ. ਅਰਜੁਨ ਜੋਸ਼ੀ

**ਹੁਸ਼ਿਆਰਪੁਰ, 26 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪਾਰਕ ਹਸਪਤਾਲ ਦੇ ਡਾਕਟਰਾਂ ਦੀ ਟੀਮ, ਡਾਇਰੈਕਟਰ-ਸੀ.ਟੀ.ਵੀ.ਐੱਸ.ਡਾ.ਸਿਧਾਰਥ ਗਰਗ, ਐਸੋਸੀਏਟ ਡਾਇਰੈਕਟਰ-ਕਾਰਡੀਅਕ ਐਨੇਸਥੀਸੀਆ ਡਾ. ਅਰਜੁਨ ਜੋਸ਼ੀ, ਐਸੋਸੀਏਟ ਡਾਇਰੈਕਟਰ-ਇੰਟਰਵੈਂਸ਼ਨਲ ਕਾਰਡੀਓਲੋਜੀ ਡਾ. ਸੰਕਲਪ ਸ਼ਰਮਾ ਅਤੇ ਸੀਨੀਅਰ ਕੰਸਲਟੈਂਟ-ਇੰਟਰਵੈਂਸ਼ਨਲ ਕਾਰਡੀਓਲੋਜੀ ਡਾ. ਸਚਿਨ ਬੰਸਲ ਨੇ ਕਾਰਡੀਅਕ ਕੇਅਰ ਪ੍ਰਬੰਧਨ 'ਤੇ ਚਾਨਣਾ ਪਾਇਆ। ਡਾ. ਸਿਧਾਰਥ ਗਰਗ ਨੇ ਕਿਹਾ, "ਇਸ ਸਾਲ ਦੇ ਵਿਸ਼ਵ ਦਿਲ ਦਿਵਸ ਦਾ ਥੀਮ—'ਡੌਂਟ ਮਿਸ ਏ ਬੀਟ' —ਦਿਲ ਦੀਆਂ ਬੀਮਾਰੀਆਂ ਦੇ ਚੇਤਾਵਨੀ ਸੰਕੇਤਾਂ ਅਤੇ ਲੱਛਣਾਂ ਨੂੰ ਪਛਾਣਨ ਅਤੇ ਸਮੇਂ ਸਿਰ ਡਾਕਟਰੀ ਸਹਾਇਤਾ ਲੈਣ ਦੇ ਮਹੱਤਵ 'ਤੇ ਜ਼ੋਰ ਦਿੰਦਾ ਹੈ। ਇਹ ਮੁਹਿੰਮ ਲੋਕਾਂ ਨੂੰ ਉਨ੍ਹਾਂ ਲੱਛਣਾਂ ਦੀ ਪਛਾਣ ਕਰਨ ਵਿੱਚ ਮਦਦ ਕਰਨ 'ਤੇ ਕੇਂਦਰਿਤ ਹੈ, ਜਿਨ੍ਹਾਂ ਨੂੰ ਅਕਸਰ ਅਣਦੇਖਾ ਕਰ ਦਿੱਤਾ ਜਾਂਦਾ ਹੈ।" ਇਸ ਮੌਕੇ 'ਤੇ, ਪਾਰਕ ਹਸਪਤਾਲ ਨੇ ਇੱਕ ਸਮਰਪਿਤ 'ਹਾਰਟ ਵਾਲਵ ਕਲੀਨਿਕ' ਸ਼ੁਰੂ ਕਰਨ ਦਾ ਵੀ ਐਲਾਨ ਕੀਤਾ। ਕਲੀਨਿਕ ਵਿੱਚ ਹਰ ਸ਼ਨੀਵਾਰ ਨੂੰ ਮੁਫ਼ਤ ਈਕੋ ਸਕ੍ਰੀਨਿੰਗ ਅਤੇ ਆਈ.ਐੱਨ.ਆਰ. ਟੈਸਟ ਉਪਲਬਧ ਰਹੇਗਾ, ਤਾਂ ਜੋ ਸ਼ੁਰੂਆਤੀ ਪੜਾਅ ਵਿੱਚ ਹੀ ਵਾਲਵ ਦੇ ਮਰੀਜ਼ਾਂ ਦੀ ਪਛਾਣ ਕੀਤੀ ਜਾ ਸਕੇ ਅਤੇ ਉਨ੍ਹਾਂ ਨੂੰ ਬਿਹਤਰੀਨ ਇਲਾਜ ਦਾ ਬਦਲ ਪ੍ਰਦਾਨ ਕੀਤਾ ਜਾ ਸਕੇ। ਪਾਰਕ ਹਸਪਤਾਲ ਪਿਛਲੇ 6 ਮਹੀਨਿਆਂ ਵਿੱਚ ਪਹਿਲਾਂ ਹੀ 100 ਸਫਲ ਵਾਲਵ ਸਰਜਰੀਆਂ ਕਰ ਚੁੱਕਾ ਹੈ।

# 'ਸੰਘਰਸ਼ਾਂ ਦਾ ਸਿਰਨਾਵਾਂ' - ਸ਼ਾਇਰ ਹਰਮਿੰਦਰ ਸਿੰਘ ਕੋਹਾਰਵਾਲਾ



ਚੇਤ ਜਾਂ ਅਚੇਤ 'ਕਵਿਤਾ' ਮਨੁੱਖ ਦੇ ਅੰਗ ਸੰਗ ਰਹਿੰਦੀ ਹੈ, ਕਵਿਤਾ ਮਨੁੱਖੀ ਜਜ਼ਬਾਤਾਂ ਦਾ ਸੁਰਬੱਧ ਤੇ ਕੋਮਲ ਪ੍ਰਗਟਾਵਾ ਹੁੰਦਾ ਹੈ, ਜਿਸ ਨੂੰ ਰਚਦਿਆਂ, ਸਰਵਣ ਕਰਦਿਆਂ ਜਾਂ ਪੜ੍ਹਦਿਆਂ ਮਨੁੱਖ ਨੂੰ ਕੇਵਲ ਆਪਣੇ ਦੁੱਖਾਂ ਦਰਦਾਂ ਤੋਂ ਰਾਹਤ ਹੀ ਮਹਿਸੂਸ ਨਹੀਂ ਹੁੰਦੀ ਬਲਕਿ ਸਕੂਨ ਤੇ ਜੀਵਨ ਲਈ ਨਵੀਆਂ ਆਸਾਂ-ਉਮੀਦਾਂ, ਉਮੰਗਾਂ, ਤੇ ਉਤਸ਼ਾਹ ਮਿਲਦਾ ਹੈ ਆਮ ਤੌਰ ਤੇ ਕਵਿਤਾ 'ਮੈਂ ਤੋਂ ਪਰ੍ਹੇ' ਤੱਕ ਦਾ ਸਫਰ ਕਰਦਿਆਂ ਜੀਵਨ ਦੇ ਅਨੇਕਾਂ ਰੰਗਾਂ ਨੂੰ ਪ੍ਰਸਤੁਤ ਕਰਦੀ ਹੋਈ ਇਸ਼ਕ ਮਜਾਜੀ ਤੋਂ ਇਸ਼ਕ ਹਕੀਕੀ ਵੱਲ ਵਧਦੀ ਹੈ। ਕਵਿਤਾ ਦੇ ਆਪਣੇ ਰੰਗ ਹਨ, ਮਨੁੱਖ ਦੇ ਜਨਮ ਤੋਂ ਭਾਵ 'ਮਾਂ ਦੀਆਂ ਲੋਰੀਆਂ' ਤੋਂ ਲੈ ਕੇ ਜੋਬਨ ਰੁੱਤੇ 'ਇਸ਼ਕ ਮਜਾਜੀ' ਤੇ ਜੀਵਨ ਦੇ ਆਖਰੀ ਪੜਾਅ ਵਿੱਚ ਇਹਨਾਂ ਹੀ ਸ਼ਬਦਾਂ ਦੇ ਅਰਥ ਬਦਲਣ ਲਗਦੇ ਹਨ, ਇਸ਼ਕ ਦੇ ਰੰਗ 'ਕਰਤਾਰੀ ਮੁਹੱਬਤ' ਦੇ ਰੰਗਾਂ 'ਚ ਬਦਲਣ ਲੱਗ ਜਾਂਦੇ ਹਨ। ਹੁਸਨ-ਇਸ਼ਕ ਤੋਂ ਅੱਗੇ ਕਵਿਤਾ ਦੇ ਹੋਰ ਅਨੇਕਾਂ ਰੰਗਾਂ ਵਿੱਚੋਂ ਇਕ ਰੰਗ ਜਿਹੜਾ ਜੀਵਨ ਦੇ ਸੰਘਰਸ਼ ਦੀ ਗੱਲ ਕਰਦਾ ਹੈ, ਉਹ ਜੀਵਨ ਦੇ ਹਰ ਮੋੜ 'ਤੇ ਸਾਂਵਾਂ ਰਹਿੰਦਾ ਹੈ ,ਇਹ ਉਹ ਰੰਗ ਹੁੰਦਾ ਹੈ ਜਿਹੜਾ ਜੀਵਨ ਜਾਚ ਤੇ ਮਨੁੱਖੀ ਕਦਰਾਂ ਕੀਮਤਾਂ ਨਾਲ ਜੁੜਿਆ ਹੁੰਦੈ, ਇਹੀ ਉਹ ਰੰਗ ਹੈ ਜਿਹੜਾ ਮਨੁੱਖੀ ਮਨਾਂ ਦੀ ਵੇਦਨਾ ਦਾ ਤਰਜ਼ਮਾਨ ਹੁੰਦਾ ਹੈ। ਕਵਿਤਾ ਜਿਹੜੀ ਲੋਕ ਮਨਾਂ ਦੀ ਤਰਜ਼ਮਾਨੀ ਕਰਦੀ ਹੋਈ ਸਮੇਂ ਤੋਂ ਪਾਰ ਦੀ ਗੱਲ ਕਰਦਿਆਂ ਮਨੁੱਖੀ ਮਨਾਂ 'ਚ ਉਤਰ ਜਾਂਦੀ ਹੈ ਉਹੀ ਸਦਾ ਚਿਰ ਜਿਉਂਦੀ ਰਹਿੰਦੀ ਹੈ। ਸੰਘਰਸ਼ ਦੇ ਪਿੜ 'ਚੋਂ ਉਪਜੇ ਸ਼ਬਦ ਹਮੇਸ਼ਾਂ ਆਉਣ ਵਾਲੀਆਂ ਨਸਲਾਂ ਦੀ ਰਹਿਨੁਮਾਈ ਕਰਦੇ ਰਹਿੰਦੇ ਨੇ, ਪਿਛਲੀ ਸਦੀ ਦੇ ਪੰਜਾਬੀ ਸਾਹਿਤ ਦੇ ਇਤਿਹਾਸ 'ਤੇ ਨਜ਼ਰ ਮਾਰੀਏ ਤਾਂ ਬਾਂਕੇ ਦਿਆਲ, ਪ੍ਰੋ.ਮੋਹਨ ਸਿੰਘ, ਲਾਲ ਸਿੰਘ ਦਿਲ, ਸੰਤ ਰਾਮ ਉਦਾਸੀ, ਅਵਤਾਰ ਸਿੰਘ ਪਾਸ਼, ਡਾਕਟਰ ਜਗਤਾਰ, ਸੰਤੋਖ ਸਿੰਘ ਧੀਰ ਅਤੇ ਹੋਰ ਅਨੇਕਾਂ ਕਵੀ ਸਾਹਿਬਾਨ, ਜਿਹਨਾਂ ਨੇ ਜੀਵਨ ਦੇ ਸੰਘਰਸ਼ ਦੀ ਗੱਲ ਆਪਣੀ ਕਾਵਿ-ਕਿਰਤ 'ਚ ਪਰੋ ਕੇ ਸਦਾ ਚਿਰ ਰਹਿਣ ਵਾਲਾ ਸਾਹਿਤ ਪਾਠਕਾਂ ਦੀ ਝੋਲੀ ਪਾਇਆ। ਇਹਨਾਂ ਸ਼ਾਇਰਾਂ 'ਚ ਸ਼ੁਮਾਰ ਹੈ ਇਕ ਵਿਸ਼ੇਸ਼ ਨਾਮ ਅੱਜ ਦਾ ਪ੍ਰੋੜ ਸ਼ਾਇਰ 'ਹਰਮਿੰਦਰ ਸਿੰਘ ਕੋਹਾਰਵਾਲਾ ' ! ਜਿਸ ਦੀ ਸਮੁੱਚੀ ਕਾਵਿ ਰਚਨਾ ਹੀ ਥੁੜਾਂ ਮਾਰੇ, ਸਾਧਨਹੀਣ ਲੋਕਾਂ ਦੇ ਦੁੱਖਾਂ-ਦਰਦਾਂ, ਆਰਥਿਕ ਅਸਾਵੇਂਪਣ, ਕਾਣੀ ਵੰਡ, ਬੇਰੁਜ਼ਗਾਰੀ, ਕੁਰਾਹੇ ਪਈ ਨੌਜਵਾਨੀ ਅਤੇ ਕਿੰਨੀਆਂ ਹੀ ਹੋਰ ਸਮਾਜਿਕ ਵਿਸੰਗਤੀਆਂ 'ਤੇ ਕੇਂਦਰਤ ਹੈ। ਹਰਮਿੰਦਰ ਸਿੰਘ ਕੋਹਾਰਵਾਲਾ ਦਾ ਜਨਮ ਜ਼ਿਲ੍ਹਾ ਫਰੀਦਕੋਟ ਦੇ ਪਿੰਡ ਕੋਹਾਰਵਾਲਾ ਵਿਖੇ ਮੱਧ ਵਰਗੀ ਪਰਿਵਾਰ ਨਾਲ ਸੰਬੰਧਤ ਮਾਤਾ ਬਚਨ ਕੌਰ ਦੀ ਕੁੱਖੋਂ ਪਿਤਾ ਹਰਦਿਆਲ ਸਿੰਘ ਦੇ ਘਰ 27 ਫ਼ਰਵਰੀ 1941 ਨੂੰ ਹੋਇਆ। ਉਹਨਾਂ ਦਾ ਬਚਪਨ ਪਿੰਡ ਦੀਆਂ ਗਲੀਆਂ ਤੇ ਖੇਤ ਖਲਿਆਨਾਂ ਵਿਚ ਖੇਡਦਿਆਂ ਬੀਤਿਆ ।ਉਹਨਾਂ ਮੁੱਢਲੀ ਸਿੱਖਿਆ ਪਿੰਡ ਕੋਹਾਰਵਾਲਾ ਤੇ ਹਰੀ ਨੌਂ ਦੇ ਸਕੂਲਾਂ ਤੋਂ ਪ੍ਰਾਪਤ ਕਰਨ ਉਪਰੰਤ ਦਸਵੀਂ ਦੀ ਪ੍ਰੀਖਿਆ ਕੋਟਕਪੂਰਾ ਦੇ ਸਰਕਾਰੀ ਮਨਜੀਤ ਇੰਦਰਾ ਹਾਈ ਸਕੂਲ (ਹਰੀ ਸਿੰਘ ਸੇਵਕ ਸੀਨੀਅਰ ਸੈਕੰਡਰੀ ਸਕੂਲ ਕੋਟਕਪੂਰਾ) ਤੋਂ ਪਾਸ ਕੀਤੀ ।ਪੜ੍ਹਾਈ ਦੌਰਾਨ ਹੀ 1959 ਵਿੱਚ ਆਪ ਦੀ ਸ਼ਾਦੀ ਬੀਬੀ ਕੁਲਦੀਪ ਕੌਰ ਪੰਜਗਰਾਈਂ ਨਾਲ ਹੋ ਗਈ। ਫਰੀਦਕੋਟ ਦੇ ਜੇਬੀਟੀ ਟਰੇਨਿੰਗ ਸਕੂਲ ਤੋਂ ਜੇਬੀਟੀ ਕਰਨ ਉਪਰੰਤ 1963 ਵਿੱਚ ਆਪ ਨੇ ਬਤੌਰ ਅਧਿਆਪਕ ਬਠਿੰਡਾ ਦੇ ਭਾਈ ਬਖਤੌਰ ਸਕੂਲ ਵਿਖੇ ਨੌਕਰੀ ਸ਼ੁਰੂ ਕੀਤੀ। ਇੱਥੇ ਹੀ ਆਪ ਨੇ ਗੌਰਮਿੰਟ ਟੀਚਰਜ਼ ਯੂਨੀਅਨ ਵਿੱਚ ਭਰਵਾਂ ਯੋਗਦਾਨ ਪਾਉਣਾ ਸ਼ੁਰੂ ਕੀਤਾ ਇਸ ਦੌਰਾਨ ਤਲਵੰਡੀ ਸਾਬੋ ਬਲਾਕ ਦੇ ਬਲਾਕ ਪ੍ਰਧਾਨ ਵੀ ਰਹੇ। 1967 ਵਿੱਚ ਆਲ ਇੰਪਲਾਈਜ਼ ਯੂਨੀਅਨ ਦੇ ਐਕਸ਼ਨ ਦੌਰਾਨ ਆਪ ਨੂੰ ਗ੍ਰਿਫਤਾਰ ਕਰਕੇ ਅੰਬਾਲਾ ਦੀ ਹਵਾਲਾਤ ਵਿਚ ਡੱਕ ਦਿੱਤਾ ਦੋ ਦਿਨਾਂ ਬਾਅਦ ਰਿਹਾਈ ਹੋਈ। ਫੇਰ 1968 ਵਿੱਚ ਗੌਰਮਿੰਟ ਟੀਚਰਜ਼ ਯੂਨੀਅਨ ਦੇ ਸੰਘਰਸ਼ ਦੌਰਾਨ ਸਰਕਾਰ ਵੱਲੋਂ ਆਪ ਜੀ ਦੇ ਗ੍ਰਿਫਤਾਰੀ ਵਾਰੰਟ ਵੀ ਜਾਰੀ ਹੋਏ ਪਰ ਆਪ ਦ੍ਰਿੜ ਇਰਾਦੇ ਨਾਲ ਯੂਨੀਅਨ ਦੇ ਕੰਮਾਂ ਵਿੱਚ ਜੁੱਟੇ ਰਹੇ ।ਇਸੇ ਦੌਰ 'ਚ ਖੱਬੇ ਪੱਖੀ ਸਾਹਿਤ (ਰਸ਼ੀਅਨ ਸਾਹਿਤ) ਪੜ੍ਹਨ ਦੀ ਚੇਟਕ ਅਤੇ ਗਿਆਨੀ ਭਾਗ ਸਿੰਘ ਭਾਈ ਰੂਪਾ ਤੇ ਬਠਿੰਡਾ ਦੇ ਉੱਘੇ ਟੀਚਰ ਆਗੂ ਜਗਮੋਹਨ ਕੌਸ਼ਲ ਵਰਗੇ ਸਾਥੀਆਂ ਦੀ ਸੋਹਬਤ ਨੇ ਆਪ ਜੀ ਨੂੰ ਵਿਚਾਰਧਾਰਕ ਤੌਰ ਤੇ ਹੋਰ ਵੀ ਮਜ਼ਬੂਤ ਸ਼ਖ਼ਸੀਅਤ ਵਜੋਂ ਉਭਾਰਿਆ ।ਜਨਵਰੀ 1971 ਵਿੱਚ ਆਲ ਇੰਪਲਾਈਜ਼ ਯੂਨੀਅਨ ਦੇ ਸੂਬਾਈ ਸੰਘਰਸ਼ ਦੌਰਾਨ ਆਪ ਜੀ ਨੂੰ ਗ੍ਰਿਫਤਾਰ ਕਰਕੇ ਫਰੀਦਕੋਟ ਜੇਲ੍ਹ ' ਚ ਡੱਕਣ ਉਪਰੰਤ ਨੌਕਰੀਓਂ ਮੁਅੱਤਲ ਕਰ ਦਿੱਤਾ ਗਿਆ। ਜੇਲ੍ਹ ਦੇ ਦਿਨਾਂ ਦੌਰਾਨ ਆਪ ਜੀ ਨੇ ਆਪਣੀ ਬੀਐਡ ਦੀ ਪੜ੍ਹਾਈ ਜਾਰੀ ਰੱਖੀ, ਬੀਐਡ ਦੇ ਇਮਤਿਹਾਨ ਚੋਂ ਆਪ ਜੀ ਸਫਲ ਹੀ ਨਹੀਂ ਹੋਏ ਬਲਕਿ ਨਤੀਜਾ ਸ਼ਾਨਦਾਰ ਰਿਹਾ। ਲਗਭਗ ਡੇਢ ਸਾਲ ਮੁਅੱਤਲ ਰਹਿਣ ਬਾਦ ਨੌਕਰੀ ਤੇ ਬਹਾਲੀ ਉਪਰੰਤ ਆਪ ਜੀ ਨੇ ਹਰੀ ਨੌਂ ਅਤੇ ਫਿਰ ਆਪਣੇ ਪਿੰਡ ਦੇ ਹੀ ਸਕੂਲ ਵਿਚ ਸ਼ਾਨਦਾਰ ਸੇਵਾਵਾਂ ਦਿੱਤੀਆਂ ਅਤੇ ਯੂਨੀਅਨ ਦੇ ਸੰਘਰਸ਼ ਵਿੱਚ ਨਿਰੰਤਰ ਵਧ ਚੜ੍ਹ ਕੇ ਹਿੱਸਾ ਲੈਂਦੇ ਰਹੇ ।ਹਰਮਿੰਦਰ ਸਿੰਘ ਕੋਹਾਰਵਾਲਾ ਸ਼ਾਇਰੀ ਬਾਰੇ ਗੱਲ ਕਰਦਿਆਂ ਦਸਦੇ ਹਨ ਕਿ ਸ਼ਾਇਰੀ ਦੀ ਚੇਟਕ ਉਹਨਾਂ ਨੂੰ ਖੱਬੇ ਪੱਖੀ ਸਾਹਿਤ (ਰਸ਼ੀਅਨ ਸਾਹਿਤ) ਪੜ੍ਹਨ ਅਤੇ ਸੰਘਰਸ਼ਾਂ ਵਿਚ ਸਰਗਰਮ ਹੋਣ ਕਰਕੇ ਲੱਗੀ ਬੇਸ਼ੱਕ ਉਹਨਾਂ ਦੀ ਪਹਿਲੀ ਰਚਨਾ 1970 ਵਿੱਚ ਨਵਾਂ ਜ਼ਮਾਨਾ ਦੇ ਐਤਵਾਰੀ ਅੰਕ ਦੇ ਮੁੱਖ ਪੰਨੇ ਤੇ ਛਪ ਗਈ ਸੀ ਐਪਰ ਉਹਨਾਂ ਦੀ ਸ਼ਾਇਰੀ ਦਾ ਅਸਲ ਸਫਰ, ਨੌਕਰੀ ਤੋਂ ਸੇਵਾ ਮੁਕਤੀ ਉਪਰੰਤ 2004 ਵਿੱਚ ਕੈਨੇਡਾ ਦੀ ਧਰਤੀ ਤੋਂ ਓਦੋਂ ਸ਼ੁਰੂ ਹੋਇਆ ਜਦ ਉਹ ਉੱਥੋਂ ਦੇ ਮੈਗਜ਼ੀਨਾਂ ਤੇ ਅਖਬਾਰਾਂ ਵਿੱਚ ਛਪਣਾ ਸ਼ੁਰੂ ਹੋਏ। ਉਹ ਦਸਦੇ ਹਨ ਕਿ ਮਰਹੂਮ 'ਕਰਨੈਲ ਸਿੰਘ ਪਾਰਸ' (ਮਕਬੂਲ ਕਵੀਸ਼ਰ) ਨਾਲ ਮੇਲ-ਜੋਲ ਹੋਣ 'ਤੇ 'ਪਾਰਸ ਸਾਹਿਬ' ਵੱਲੋਂ ਮਿਲੇ ਉਤਸ਼ਾਹ ਨੇ ਉਹਨਾਂ (ਕੋਹਾਰਵਾਲਾ) ਦੀ ਸ਼ਾਇਰੀ ਲਈ 'ਸੋਨੇ 'ਤੇ ਸੁਹਾਗੇ' ਵਾਲਾ ਅਸਰ ਕੀਤਾ। ਹਰਮਿੰਦਰ ਸਿੰਘ ਕੋਹਾਰਵਾਲਾ ਨੇ ਫਿਰ ਪਿੱਛੇ ਮੁੜ ਕੇ ਨਹੀਂ ਦੇਖਿਆ। 2006 ਵਿੱਚ ਉਹਨਾਂ ਦੀ ਪਹਿਲੀ ਕਿਤਾਬ 'ਇਕ ਲੱਪ ਲਾਵਾ' ਬਠਿੰਡਾ ਵਿਖੇ ਤਤਕਾਲੀ ਡਿਪਟੀ ਕਮਿਸ਼ਨਰ ਤੇ ਐਸਐਸਪੀ ਬਠਿੰਡਾ ਵੱਲੋਂ ਇਕ ਭਰਵੇਂ ਸਾਹਿਤਕ ਸਮਾਗਮ ਦੌਰਾਨ ਲੋਕ ਅਰਪਣ ਕੀਤੀ ਗਈ। ਹੁਣ ਤਕ ਉਹ 9 ਪੁਸਤਕਾਂ (ਦੋਹਾ ਸੰਗ੍ਰਹਿ ਅਤੇ ਗ਼ਜ਼ਲ ਸੰਗ੍ਰਹਿ) ਪਾਠਕਾਂ ਦੀ ਝੋਲੀ 'ਚ ਪਾ ਚੁੱਕੇ ਹਨ। ਉਹਨਾਂ ਦੀ ਸਮੁੱਚੀ ਸ਼ਾਇਰੀ ਦੋਹਿਆਂ ਅਤੇ ਗ਼ਜ਼ਲਾਂ ਦੇ ਰੂਪ ਵਿਚ ਸਾਹਮਣੇ ਆਈ ਹੈ। ਉਹ ਅੱਜ ਤੱਕ 100 ਤੋਂ ਵੱਧ ਸਮਕਾਲੀ ਸ਼ਾਇਰਾਂ ਦਾ ਸ਼ਬਦ ਚਿੱਤਰਣ ਕਰ ਚੁੱਕੇ ਹਨ। 2008 ਤੋਂ 2020 ਤੱਕ ਲਗਾਤਾਰ 12 ਸਾਲ ਉਹ ਅਜੀਤ ਦੇ ਸੰਪਾਦਕੀ ਪੰਨੇ ਤੇ 'ਸ਼ਬਦ-ਬਾਣ' ਕਾਲਮ ਅਧੀਨ ਛਪਦੇ ਰਹੇ ਹਨ। ਹੁਣ ਵੀ ਉਹ ਪੰਜਾਬੀ ਦੇ ਹਰ ਮਿਆਰੀ ਮੈਗਜ਼ੀਨ ਤੇ ਅਖਬਾਰਾਂ ਦੇ ਸਾਹਿਤਕ ਪੰਨਿਆਂ ਤੇ ਨਿਰੰਤਰ ਛਪਦੇ ਰਹਿੰਦੇ ਹਨ। ਉਹਨਾਂ ਦੀ ਸਮੁੱਚੀ ਸ਼ਾਇਰੀ 'ਲੋਕ ਘੋਲਾਂ' ਦੀ ਤਰਜ਼ਮਾਨੀ ਕਰਦੀ ਹੈ, ਜੇ ਮੈਂ ਕਹਾਂ ਕੇ "ਉਹਨਾਂ ਦੀ ਸ਼ਾਇਰੀ ਸੰਘਰਸ਼ ਦੇ ਰਣ ਖੇਤਰ ਦੀ ਉਪਜ ਹੈ" ਤਾਂ ਕੋਈ ਅਤਿਕਥਨੀ ਨਹੀਂ ਹੋਵੇਗੀ, ਜਿਸ ਵਿਚ ਜੀਵਨ ਜਾਚ ਦਾ ਇਕ ਫਲਸਫਾ ਹੈ, ਅੜੇ-ਥੁੜੇ ਲੋਕਾਂ ਦੀ ਕਹਾਣੀ ਹੈ, ਬੇਚਾਰਿਆਂ ਤੇ ਲਚਾਰਿਆਂ ਲਈ ਢਾਰਸ ਤੇ ਧਰਵਾਸ ਹੈ ਪੂਰੀ ਮਨੁੱਖਤਾ ਲਈ ਚੜ੍ਹਦੀ ਕਲਾ ਦੀ ਕਾਮਨਾ ਹੈ। ਉਸਦੇ ਬੋਲ 'ਠੇਠ ਮਲਵਈ, ਟੁਣਕਵੇਂ ਮੁਹਾਵਰਿਆਂ' ਵਰਗੇ ਅਤੇ 'ਲਿਖਤ ਬਹੁਪਰਤੀ' ਹੈ ਜੋ ਕਿ ਉਸ ਦੀ ਲਿਖਣ ਸ਼ੈਲੀ ਦਾ ਖਾਸਾ ਹਨ। ਜਿੱਥੇ ਹਰਮਿੰਦਰ ਸਿੰਘ ਕੋਹਾਰਵਾਲਾ ਨੇ ਸੰਘਰਸ਼ ਤੇ ਸਾਹਿਤ ਦੇ ਖੇਤਰ ਵਿੱਚ ਵਡਮੁੱਲਾ ਯੋਗਦਾਨ ਪਾਇਆ ਹੈ ਉੱਥੇ ਸਮਾਜਿਕ ਤੇ ਸਾਹਿਤਕ ਜਥੇਬੰਦੀਆਂ ਨੇ ਵੀ ਉਸ ਨੂੰ ਰੱਜਵਾਂ ਪਿਆਰ ਤੇ ਸਤਿਕਾਰ ਦਿੱਤਾ ਹੈ। ਉਸਦੀਆਂ ਅਣਥੱਕ ਸੇਵਾਵਾਂ ਬਦਲੇ ਪੰਜਾਬੀ ਗ਼ਜ਼ਲ ਮੰਚ ਵੱਲੋਂ 'ਅਜਾਇਬ ਚਿੱਤਰਕਾਰ ਪੁਰਸਕਾਰ, ਲੋਕ ਲਿਖਾਰੀ ਮੰਚ ਅਤੇ ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਵੱਲੋਂ 'ਬਾਵਾ ਬਲਵੰਤ ਪੁਰਸਕਾਰ' ਲਿਖਾਰੀ ਸਭਾ ਸਾਦਿਕ ਵੱਲੋਂ 'ਗੁਰਨਾਮ ਸਿੰਘ ਤੀਰ ਪੁਰਸਕਾਰ 'ਅਤੇ ਸਾਹਿਤ ਸਭਾ ਜਗਰਾਉਂ ਵੱਲੋਂ 'ਪ੍ਰਿੰਸੀਪਲ ਤਖਤ ਸਿੰਘ ਪੁਰਸਕਾਰ' ਜ਼ਿਕਰਯੋਗ ਸਨਮਾਨ ਹਨ ਅਤੇ ਸਾਹਿਤ ਸਭਾਵਾਂ ਵਲੋਂ ਮਿਲੇ ਹੋਰ ਅਨੇਕਾਂ ਸਨਮਾਨ ਚਿੰਨ੍ਹਾਂ ਤੋਂ ਇਲਾਵਾ ਪਾਠਕਾਂ ਵੱਲੋਂ ਮਿਲਦਾ ਭਰਪੂਰ ਹੁੰਗਾਰਾ ਉਹਨਾਂ ਲਈ ਵੱਡਾ ਸਨਮਾਨ ਹੈ। ਜਥੇਬੰਦਕ ਤੌਰ ਤੇ ਜਿੱਥੇ ਗੌਰਮਿੰਟ ਟੀਚਰਜ਼ ਯੂਨੀਅਨ ਨਾਲ ਪੂਰੀ ਸੇਵਾ ਦੌਰਾਨ ਡੱਟ ਕੇ ਜੁੜੇ ਰਹੇ ਉੱਥੇ ਸੇਵਾ ਮੁਕਤੀ ਦੌਰਾਨ ਪੈਨਸ਼ਨਰਜ਼ ਐਸੋਸੀਏਸ਼ਨ ਨਾਲ 1999 ਤੋਂ ਸੇਵਾ ਮੁਕਤੀ ਉਪਰੰਤ ਹੁਣ ਤਕ ਕਾਰਜਸ਼ੀਲ ਹਨ ।ਸਾਹਿਤਕ ਜਥੇਬੰਦੀਆਂ ਵਿੱਚ ਸਾਹਿਤ ਸਭਾ ਕੋਟਕਪੂਰਾ ਦੇ ਲਗਾਤਾਰ 12 ਸਾਲ ਪ੍ਰਧਾਨ ਵਜੋਂ ਸੇਵਾ ਕਰਦੇ ਰਹੇ ਹਨ। ਕੇਂਦਰੀ ਪੰਜਾਬੀ ਲੇਖਕ ਸਭਾ ਦੇ ਐਗਜ਼ੈਕਟਿਵ ਕਮੇਟੀ ਮੈਂਬਰ ਵਜੋਂ ਸੇਵਾ ਨਿਭਾ ਚੁੱਕੇ ਹਨ। ਪਰਿਵਾਰ ਦੀ ਗੱਲ ਕਰੀਏ ਤਾਂ ਉਹਨਾਂ ਦਾ ਵੱਡਾ ਬੇਟਾ ਪੰਜਾਬ ਦੇ ਸਾਹਿਤਕ ਖੇਤਰ ਦਾ ਸਿਰਮੌਰ ਸ਼ਾਇਰ ਤੇ ਗ਼ਜ਼ਲਗੋ ਹੈ 'ਗੁਰਤੇਜ ਕੋਹਾਰਵਾਲਾ', ਛੋਟਾ ਬੇਟਾ ਪ੍ਰਤੀਕ ਸਿੰਘ ਪਰਿਵਾਰ ਸਮੇਤ ਕੈਨੇਡਾ ਵਿਖੇ ਰਹਿ ਰਿਹਾ ਹੈ ਪ੍ਰਤੀਕ 'ਪੰਜਾਬੀ ਟ੍ਰਿਬਿਊਨ 'ਲਈ ਕੈਨੇਡਾ ਤੋਂ ਪ੍ਰੈਸ ਰਿਪੋਰਟਰ ਹੈ। ਉਹ ਕਾਰਟੂਨਿਸਟ ਵਜੋਂ 'ਪੰਜਾਬ ਸਟਾਰ ਅਤੇ ਟੋਰਾਂਟੋ ਟ੍ਰਿਬਿਊਨ ਵਰਗੇ ਮਿਆਰੀ ਅਖਬਾਰਾਂ ਦੇ ਮੁੱਖ ਪੰਨਿਆਂ ਦੀ ਸ਼ੋਭਾ ਬਣਦਾ ਹੈ ।ਕੋਹਾਰਵਾਲਾ ਸਾਹਿਬ ਨੂੰ 2018 ਵਿੱਚ ਜੀਵਨ ਸਾਥਣ ਦੇ ਵਿਛੜਨ ਦਾ ਸਦਮਾ ਝੱਲਣਾ ਪਿਆ। ਸਦਮੇ ਚੋਂ ਉਬਰ ਕੇ ਅੱਜ ਉਹਨਾਂ ਦੀ ਜ਼ਿੰਦਗੀ ਫਿਰ ਰਵਾਂ-ਦਵਾਂ ਚੱਲ ਪਈ ਹੈ ਅਤੇ ਅੱਜ ਕੱਲ੍ਹ ਵੱਡੇ ਨੂੰਹ-ਪੁੱਤ ਕੋਲ, ਫਿਰੋਜ਼ਪੁਰ ਰਹਿ ਰਹੇ ਹਨ। ਅੱਜ 85 ਵਰ੍ਹਿਆਂ ਦੀ ਉਮਰੇ ਵੀ ਉਹਨਾਂ ਦੇ ਬੋਲਾਂ ਵਿੱਚ ਉਹੀ ਦਮ-ਖਮ ਹੈ। ਸਾਹਿਤਕ ਖੇਤਰ ਵਿਚ ਹੁਣ ਵੀ ਉਹਨਾਂ ਦੀ ਹਾਜ਼ਰੀ ਭਰਵੀਂ ਹੁੰਦੀ ਹੈ। ਪੇਸ਼ ਹਨ ਉਹਨਾਂ ਦੀਆ ਦੋ ਰਚਨਾਵਾਂ:



ਪ੍ਰੋੜ੍ਹ ਸ਼ਾਇਰ ਜਨਾਬ ਹਰਮਿੰਦਰ ਸਿੰਘ ਕੋਹਾਰਵਾਲਾ



ਲੇਖਕ:ਅਮਰਜੀਤ ਸਿੰਘ ਜੀਤ ਗ਼ਜ਼ਲਗੋ

ਆਵਾਜ਼ਿ ਕੌਮ AWAZE QAUM International Newspaper & WEB TV

**1) ਗ਼ਜ਼ਲ**

ਹਰਮਿੰਦਰ ਸਿੰਘ ਕੋਹਾਰਵਾਲਾ
ਜੇਕਰ ਹਿੰਮਤ ਡੰਡਾ ਡੁੱਕੇ।
ਗ਼ੁਰਬਤ ਡੰਡਾ ਡੇਰਾ ਚੁੱਕੇ।
ਉਸ ਦਾ ਕਰਨ ਸੁਆਗਤ ਬੁੱਕੇ।
ਤੀਰ ਬਣੇ ਹਨ ਜਿਸ ਦੇ ਤੁੱਕੇ।
ਆਉਂਦੇ ਰੋਜ਼ ਗ਼ਮਾਂ ਦੇ ਰੁੱਕੇ।
ਫਿਰ ਵੀ ਰਹਿੰਦੇ ਕੋਏ ਸੁੱਕੇ।
ਜਿਸ ਦਾ ਹਰਿਕ ਨਿਸ਼ਾਨਾ ਉੱਕੇ।
ਸਮਝੋ ਉਸ ਦੇ ਸਾਹ ਸਤ ਮੁੱਕੇ।
ਵਕਤ ਸੰਭਾਲਣ ਤੋਂ ਜੋ ਉੱਕੇ।
ਉਹ ਮੰਜ਼ਲ ਦੇ ਨੇੜ ਨਾ ਢੁੱਕੇ।
ਖ਼ੂਨ ਸਕੇ ਚੋਂ ਮੋਹ ਤੇਹ ਮੁੱਕੇ।
ਆਰਾਂ ਲਾਵੇ ਭੁੱਬਲ਼ ਭੁੱਕੇ।
ਕੰਧ ਮਨਾਂ ਵਿਚ ਜਦ ਸਿਰ ਚੁੱਕੇ।
ਅੱਡ ਹੋਣ ਫਿਰ ਚੁੱਲ੍ਹੇ ਹੁੱਕੇ।
ਵੇਖੇ ਬੁੱਕ ਬਣੇ ਜਦ ਮੁੱਕੇ।
ਫਿਰ ਨਾ ਦਰ 'ਤੇ ਦੁਸ਼ਮਣ ਬੁੱਕੇ।

**2) ਗ਼ਜ਼ਲ**

ਜਦ ਤੱਕ ਹਵਾ ਸੀ ਹੱਕ ਵਿੱਚ ਗੁੱਡੀ ਚੜ੍ਹੀ ਰਹੀ।
ਲਾਹਾ ਬੜਾ ਉਸ ਲੈ ਲਿਆ ਜਦ ਤੱਕ ਬਣੀ ਰਹੀ
ਕਿੰਨਾ ਕਸਾਰਾ ਲੱਗਿਆ ਸੋਚੀ ਨਾ ਇਹ ਕਦੇ,
ਆਈ ਚਲਾਈ ਠੀਕ ਸੀ ਗੱਡੀ ਰਿੜ੍ਹੀ ਰਹੀ।
ਦਿੱਤੇ ਉਨ੍ਹਾਂ ਨੇ ਜ਼ਖ਼ਮ ਜੋ ਹਰਦਮ ਹਰੇ ਰਹੇ,
ਅੱਖਾਂ ਕਦੇ ਨਾ ਸੁੱਕੀਆਂ ਲੱਗੀ ਝੜੀ ਰਹੀ।
ਹੌਲ਼ਾ ਬੜਾ ਮਨ ਹੋ ਗਿਆ ਫੋਲ਼ੇ ਸੀ ਦਿਲ ਜਦੋਂ,
ਅਣਬਣ ਨੇ ਕੀਤਾ ਘਾਣ ਸੀ ਨਸ ਨਸ ਤਣੀ ਰਹੀ।
ਚੀਜ਼ਾਂ ਉਹ ਮੰਗੇ ਮਹਿੰਗੀਆਂ ਵੇਖੇ ਔਕਾਤ ਨਾ,
ਪੁੱਤਰ ਸੀ ਰੱਖਿਆ ਲਾਡਲਾ ਪੁਗਦੀ ਅੜੀ ਰਹੀ।
ਰੋਕੀ ਰੁਕੀ ਨਾ ਵੈਦ ਤੋਂ ਆਈ ਸੀ ਮੌਤ ਜਦ,
ਮਾਰੀ ਉਡਾਰੀ ਭੌਰ ਨੇ ਤੇ ਬਾਂਹ ਫੜ੍ਹੀ ਰਹੀ।
ਪੱਕੀ ਨਿਭੀ ਨਾ ਦੋਸਤੀ ਨਾ ਦੁਸ਼ਮਣੀ ਸਦਾ,
ਪਾਲ਼ੇ ਸਿਆਸੀ ਬਦਲਣਾ ਆਦਤ ਬਣੀ ਰਹੀ।

ਹਰਮਿੰਦਰ ਸਿੰਘ ਕੋਹਾਰਵਾਲਾ ਜਿੰਨਾ ਵਧੀਆ ਸ਼ਾਇਰ ਅਤੇ ਜਥੇਬੰਦਕ ਆਗੂ ਹੈ ਉਹ ਓਨਾ ਹੀ ਵਧੀਆ ਮਿਲਣਸਾਰ, ਮਿੱਠਬੋਲੜਾ ਨੇਕ ਇਨਸਾਨ ਹੈ। ਉਹ ਸੱਜਣਾਂ ਮਿੱਤਰਾਂ ਦਾ ਮਾਣ ਤੇ ਸਭ ਦਾ ਭਲਾ ਚਾਹੁਣ ਵਾਲਾ ਦਾਨਿਸ਼ਵਰ ਹੈ। ਅਜੋਕੀ ਪੀੜ੍ਹੀ ਵਾਸਤੇ ਕੋਹਾਰਵਾਲਾ ਸਾਹਿਬ ਦਾ ਸੰਦੇਸ਼ ਹੈ ਕਿ ਉਹ ਸਾਹਿਤਕ ਰੁਚੀਆਂ ਵੱਲ ਅੱਗੇ ਆਵੇ, ਮੁਬਾਇਲ ਫੋਨ ਅਤੇ ਸ਼ੋਸ਼ਲ ਮੀਡੀਆ ਦੀ ਵਜਾਏ ਸਾਹਿਤਕ ਕਿਤਾਬਾਂ ਜ਼ਿਆਦਾ ਪੜ੍ਹੇ, ਚੰਗੇ ਸਾਹਿਤ ਲਈ ਸਾਧਨਾ ਤੇ ਲਗਨ ਦੀ ਬੇਹੱਦ ਜ਼ਰੂਰਤ ਹੈ ਕੋਈ ਵੀ ਛਪਣ ਦੀ ਕਾਹਲ ਨਾ ਕਰੇ।

ਅੰਤ ਵਿਚ ਮੈਂ ਕਾਮਨਾ ਕਰਦਾ ਹਾਂ ਕੋਹਾਰਵਾਲਾ ਸਾਹਿਬ ਆਪਣਾ ਸਾਹਿਤਕ ਸਫਰ ਇਸੇ ਤਰ੍ਹਾਂ ਪੂਰੀ ਸ਼ਿੱਦਤ ਨਾਲ ਨਿਰੰਤਰ ਜਾਰੀ ਰੱਖਦਿਆਂ ਸਾਹਿਤ ਨੂੰ ਹੋਰ ਵੀ ਅਮੀਰ ਬਣਾਉਂਦੇ ਰਹਿਣਗੇ। ਆਮੀਨ !

**ਪੇਸ਼ਕਸ਼ :ਅਮਰਜੀਤ ਸਿੰਘ ਜੀਤ ਗ਼ਜ਼ਲਗੋ**
+919417287122

# ਕੈਨੇਡਾ ਵੱਲੋਂ ਅੰਗਦ ਸਿੰਘ ਢਿੱਲੋਂ ਨੂੰ ਯੂ.ਏ.ਈ. (ਦੁਬਈ) 'ਚ ਰਾਜਦੂਤ ਨਿਯੁਕਤ ਕਰਨਾ ਪੂਰੀ ਸਿੱਖ ਕੌਮ ਅਤੇ ਪੰਜਾਬੀਆਂ ਲਈ ਵੱਡੇ ਮਾਣ ਵਾਲੀ ਗੱਲ—ਕਰਨੈਲ ਸਿੰਘ ਪੀਰ ਮੁਹੰਮਦ

## ਪ੍ਰਵਾਸੀ ਸਿੱਖ ਨੌਜਵਾਨਾਂ ਦੀਆਂ ਪ੍ਰਾਪਤੀਆਂ ਵਿਸ਼ਵ ਭਰ ਵਿੱਚ ਪੰਜਾਬੀਅਤ ਦਾ ਨਾਂ ਰੋਸ਼ਨ ਕਰ ਰਹੀਆਂ ਹਨ: ਕਰਨੈਲ ਸਿੰਘ ਪੀਰਮੁਹੰਮਦ

**ਚੰਡੀਗੜ੍ਹ, 26 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਪੁਨਰਸਰਜੀਤ ਦੇ ਮੁੱਖ ਬੁਲਾਰੇ ਅਤੇ ਸੀਨੀਅਰ ਮੀਤ ਪ੍ਰਧਾਨ ਸਰਦਾਰ ਕਰਨੈਲ ਸਿੰਘ ਪੀਰਮੁਹੰਮਦ ਨੇ ਬਿਆਨ ਜਾਰੀ ਕਰਦਿਆਂ ਕਿਹਾ ਹੈ ਕਿ ਕੈਨੇਡਾ ਸਰਕਾਰ ਵੱਲੋਂ ਨੌਜਵਾਨ ਸਿੱਖ ਅੰਗਦ ਸਿੰਘ ਢਿੱਲੋਂ ਨੂੰ ਸੰਯੁਕਤ ਅਰਬ ਅਮੀਰਾਤ (ਯੂ.ਏ.ਈ. - ਦੁਬਈ) ਵਿਖੇ ਆਪਣਾ ਅੰਬੈਸਡਰ (ਰਾਜਦੂਤ) ਨਿਯੁਕਤ ਕੀਤੇ ਜਾਣ ਨਾਲ ਵਿਸ਼ਵ ਭਰ ਵਿੱਚ ਵੱਸਦੇ ਸਿੱਖ ਭਾਈਚਾਰੇ ਅਤੇ ਪੰਜਾਬੀਆਂ ਵਿੱਚ ਖ਼ੁਸ਼ੀ ਦੀ ਲਹਿਰ ਦੌੜ ਗਈ ਹੈ। ਇਹ ਨਿਯੁਕਤੀ ਪੂਰੀ ਸਿੱਖ ਕੌਮ ਲਈ ਇੱਕ ਬਹੁਤ ਹੀ ਮਾਣਮੱਤਾ ਪਲ ਹੈ। ਅੰਗਦ ਸਿੰਘ ਢਿੱਲੋਂ ਪੰਜਾਬ ਦੇ ਪ੍ਰਸਿੱਧ ਉਦਯੋਗਿਕ ਅਤੇ ਰਾਜਨੀਤਿਕ ਘਰਾਣੇ ਨਾਲ ਸਬੰਧ ਰੱਖਦੇ ਹਨ। ਉਹ ਪੰਜਾਬ ਐਗਰੋ ਇੰਡਸਟਰੀਜ਼ ਕਾਰਪੋਰੇਸ਼ਨ ਦੇ ਸਾਬਕਾ ਚੇਅਰਮੈਨ ਸਵਰਗੀ ਸਰਦਾਰ ਜਗਜੀਤ ਸਿੰਘ ਘੁੰਗਰਾਣਾ ਦੇ ਪੋਤੇ ਹਨ। ਘੁੰਗਰਾਣਾ ਸਾਹਿਬ ਇੱਕ ਬਹੁਤ ਹੀ ਨੇਕ, ਇਮਾਨਦਾਰ ਅਤੇ ਦੂਰਅੰਦੇਸ਼ ਸ਼ਖ਼ਸੀਅਤ ਸਨ, ਜਿਨ੍ਹਾਂ ਨੇ ਪੰਜਾਬ ਦੇ ਉਦਯੋਗਿਕ ਅਤੇ ਖੇਤੀਬਾੜੀ ਖੇਤਰ ਵਿੱਚ ਵੱਡਾ ਯੋਗਦਾਨ ਪਾਇਆ। ਸਵਰਗੀ ਸਰਦਾਰ ਜਗਜੀਤ ਸਿੰਘ ਘੁੰਗਰਾਣਾ ਨਾਲ ਆਪਣੇ ਖ਼ਾਸ ਲਗਾਓ ਅਤੇ ਯਾਦਾਂ ਨੂੰ ਸਾਂਝਾ ਕਰਦਿਆਂ ਸਰਦਾਰ ਕਰਨੈਲ ਸਿੰਘ ਪੀਰਮੁਹੰਮਦ ਨੇ ਦੱਸਿਆ, "ਘੁੰਗਰਾਣਾ ਸਾਹਿਬ ਨਾਲ ਮੈਨੂੰ ਡਾਇਰੈਕਟਰ ਵਜੋਂ ਕੰਮ ਕਰਨ ਦਾ ਸੁਭਾਗ ਪ੍ਰਾਪਤ ਹੋਇਆ। ਉਹ ਇੱਕ ਬਹੁਤ ਹੀ ਉੱਚ ਵਿਚਾਰਾਂ ਵਾਲੇ ਅਤੇ ਦਿਆਲੂ ਇਨਸਾਨ ਸਨ। ਮੈਨੂੰ ਅੱਜ ਵੀ ਯਾਦ ਹੈ ਕਿ ਜਦੋਂ ਪੰਜਾਬ ਦੇ ਸਾਬਕਾ ਖਜ਼ਾਨਾ ਮੰਤਰੀ ਸਵਰਗੀ ਕੈਪਟਨ ਕੰਵਲਜੀਤ ਸਿੰਘ ਮੇਰੇ ਪਿੰਡ ਪੀਰ ਮੁਹੰਮਦ ਵਿਖੇ ਪਹੁੰਚੇ ਸਨ, ਤਾਂ ਮੇਰੇ ਇੱਕ ਬੁਲਾਵੇ 'ਤੇ ਘੁੰਗਰਾਣਾ ਸਾਹਿਬ ਉਚੇਚੇ ਤੌਰ 'ਤੇ ਮੇਰੇ ਨਗਰ ਵਿਖੇ ਆਏ ਸਨ। ਉਨ੍ਹਾਂ ਦਾ ਸਾਡੇ ਪਰਿਵਾਰ ਅਤੇ ਇਲਾਕੇ ਨਾਲ ਗੂੜ੍ਹਾ ਪਿਆਰ ਸੀ।÷ ਉਨ੍ਹਾਂ ਅੱਗੇ ਦੱਸਿਆ ਕਿ ਅੰਗਦ ਸਿੰਘ ਢਿੱਲੋਂ ਨੇ ਆਪਣੀ ਯੋਗਤਾ ਅਤੇ ਮਿਹਨਤ ਦੇ ਬਲਬੂਤੇ ਅੰਤਰਰਾਸ਼ਟਰੀ ਪੱਧਰ 'ਤੇ ਆਪਣੀ ਵੱਖਰੀ ਪਛਾਣ ਬਣਾਈ ਹੈ। ਕੈਨੇਡਾ ਦੇ ਪ੍ਰਧਾਨ ਮੰਤਰੀ ਦੇ ਸਲਾਹਕਾਰ ਵਜੋਂ ਸੇਵਾਵਾਂ ਨਿਭਾਉਂਦਿਆਂ ਉਨ੍ਹਾਂ ਨੇ ਭਾਰਤ ਅਤੇ ਚੀਨ ਨਾਲ ਕੈਨੇਡਾ ਦੇ ਸਫ਼ਾਰਤੀ ਸਬੰਧਾਂ ਨੂੰ ਮਜ਼ਬੂਤ ਕਰਨ ਵਿੱਚ ਬਹੁਤ ਅਹਿਮ ਭੂਮਿਕਾ ਨਿਭਾਈ ਹੈ। ਇਸ ਤੋਂ ਇਲਾਵਾ ਉਹ ਕੈਨੇਡਾ ਦੇ 2 ਕੈਬਨਿਟ ਮੰਤਰੀਆਂ ਦੇ ਚੀਫ਼ ਆਫ਼ ਸਟਾਫ਼ ਵਜੋਂ ਵੀ ਜ਼ਿੰਮੇਵਾਰੀ ਸੰਭਾਲ ਚੁੱਕੇ ਹਨ। ਦੁਨੀਆ ਭਰ ਵਿੱਚ ਪ੍ਰਵਾਸੀ ਸਿੱਖਾਂ ਦੇ ਵੱਧਦੇ ਪ੍ਰਭਾਵ ਦਾ ਜ਼ਿਕਰ ਕਰਦਿਆਂ ਸਰਦਾਰ ਪੀਰਮੁਹੰਮਦ ਨੇ ਕਿਹਾ ਕਿ 1985 ਵਿੱਚ ਜਦੋਂ ਭਾਰਤ ਵਿੱਚ ਯੂਗਾਂਡਾ ਦੇ ਅੰਬੈਸਡਰ ਵਜੋਂ ਪਹਿਲੀ ਵਾਰ ਇੱਕ ਸਿੱਖ ਨੂੰ ਨਿਯੁਕਤ ਕੀਤਾ ਗਿਆ ਸੀ, ਤੋਂ ਲੈ ਕੇ ਸਿੰਗਾਪੁਰ, ਆਸਟ੍ਰੇਲੀਆ ਅਤੇ ਯੂ.ਕੇ. ਵਿੱਚ ਉੱਚ ਅਹੁਦਿਆਂ 'ਤੇ ਸਿੱਖਾਂ ਦੀਆਂ ਨਿਯੁਕਤੀਆਂ ਇਹ ਸਾਬਤ ਕਰਦੀਆਂ ਹਨ ਕਿ ਸਿੱਖ ਭਾਈਚਾਰਾ ਹਰ ਖੇਤਰ ਵਿੱਚ ਮੋਹਰੀ ਹੈ। ਉਨ੍ਹਾਂ ਅੰਤ ਵਿੱਚ ਕਿਹਾ ਕਿ ਇਹ ਖ਼ਬਰ ਹਰ ਪੰਜਾਬੀ ਲਈ ਮਾਣ ਵਾਲੀ ਹੈ ਅਤੇ ਸਾਡੇ ਨੌਜਵਾਨਾਂ ਲਈ ਵੀ ਪ੍ਰੇਰਨਾ ਦਾ ਸਰੋਤ ਹੈ। ਸਾਨੂੰ ਆਪਣੇ ਸਿੱਖ ਬੱਚਿਆਂ ਤੋਂ ਬਹੁਤ ਵੱਡੀਆਂ ਆਸਾਂ ਹਨ। ਇਹ ਸਮੇਂ ਦੀ ਮੰਗ ਹੈ ਕਿ ਅਸੀਂ ਆਪਣੇ ਬੱਚਿਆਂ ਨੂੰ ਉੱਚੀ ਸਿੱਖਿਆ ਦਿਵਾਈਏ ਤਾਂ ਜੋ ਉਹ ਦੁਨੀਆ ਭਰ ਵਿੱਚ ਸੀਨੀਅਰ ਸਰਕਾਰੀ ਅਤੇ ਸਫ਼ਾਰਤੀ ਅਹੁਦਿਆਂ 'ਤੇ ਪਹੁੰਚ ਕੇ ਦੇਸ਼ ਅਤੇ ਕੌਮ ਦਾ ਨਾਂ ਰੋਸ਼ਨ ਕਰ ਸਕਣ।



ਆਵਾਜ਼ਿ ਕੌਮ AWAZE QAUM International Newspaper & WEB TV

# ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਲਮੀਣੀ ਸਟੇਡੀਅਮ ਵਿੱਚ ਕਰਵਾਇਆ ਗਿਆ ਡਰੋਨ ਸ਼ੋਅ

**ਪਠਾਨਕੋਟ , 26 ਸਤੰਬਰ (ਆਵਾਜ਼ਿ ਕੌਮ ਬਿਊਰੋ)** -ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਾਲ ਭਰ ਵੱਖ-ਵੱਖ ਧਾਰਮਿਕ ਅਤੇ ਸੱਭਿਆਚਾਰਕ ਸਮਾਗਮ ਕਰਵਾਏ ਜਾ ਰਹੇ ਹਨ। ਇਸੇ ਲੜੀ ਤਹਿਤ ਪੰਜਾਬ ਦੇ ਵੱਖ-ਵੱਖ ਵਿਧਾਨ ਸਭਾ ਹਲਕਿਆਂ ਵਿੱਚ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ, ਸੰਦੇਸ਼ ਅਤੇ ਸਿੱਖਿਆਵਾਂ ਨੂੰ ਦਰਸਾਉਂਦੇ ਵਿਸ਼ੇਸ਼ ਡਰੋਨ ਸ਼ੋਅ ਕਰਵਾਏ ਜਾ ਰਹੇ ਹਨ। ਇਸੇ ਤਹਿਤ ਜ਼ਿਲ੍ਹਾ ਪਠਾਨਕੋਟ ਦੇ ਵਿਧਾਨ ਸਭਾ ਹਲਕਾ ਪਠਾਨਕੋਟ ਦੇ ਲਮੀਣੀ ਵਿਖੇ ਸਥਿਤ ਮਲਟੀਪਰਪਜ਼ ਖੇਡ ਸਟੇਡੀਅਮ ਵਿੱਚ ਕਰਵਾਏ ਗਏ ਸ਼ਾਨਦਾਰ ਡਰੋਨ ਸ਼ੋਅ ਨੂੰ ਦੇਖਣ ਲਈ ਖੇਤਰ ਵਿੱਚੋਂ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤ ਅਤੇ ਲੋਕ ਪਹੁੰਚੇ। ਡਰੋਨ ਸ਼ੋਅ ਦੀ ਸ਼ੁਰੂਆਤ ਮੌਕੇ ਸ਼੍ਰੀ ਰੋਹਿਤ ਸਿਆਲ ਹਲਕਾ ਇੰਚਾਰਜ ਪਠਾਨਕੋਟ ਅਤੇ ਡੇਰਾ ਸਵਾਮੀ ਜਗਤਗਿਰੀ ਪਠਾਨਕੋਟ ਤੋਂ ਸ੍ਰੀ ਸ੍ਰੀ 108 ਸਵਾਮੀ ਗੁਰਦੀਪ ਗਿਰੀ ਜੀ ਮਹਾਰਾਜ ਵੀ ਵਿਸ਼ੇਸ਼ ਤੌਰ 'ਤੇ ਪਹੁੰਚੇ ਅਤੇ ਸੰਗਤਾਂ ਨੂੰ ਆਸ਼ੀਰਵਾਦ ਦਿੱਤਾ। ਡਰੋਨ ਸ਼ੋਅ ਤੋਂ ਪਹਿਲਾਂ ਖੇਤਰ ਦੇ ਪ੍ਰਸਿੱਧ ਕੀਰਤਨ ਜਥਿਆਂ ਭਾਈ ਗਗਨਦੀਪ ਸਿੰਘ ਮਾਧੋਪੁਰ ਵਾਲੇ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀ ਪਵਿੱਤਰ ਬਾਣੀ ਦਾ ਕੀਰਤਨ ਕੀਤਾ ਗਿਆ। ਇਸ ਮੌਕੇ ਸ਼੍ਰੀ ਰੋਹਿਤ ਸਿਆਲ ਹਲਕਾ ਇੰਚਾਰਜ ਪਠਾਨਕੋਟ ਅਤੇ ਸ੍ਰੀ ਸ੍ਰੀ 108 ਸਵਾਮੀ ਗੁਰਦੀਪ ਗਿਰੀ ਜੀ ਮਹਾਰਾਜ ਵੱਲੋਂ ਕੀਰਤਨ ਜਥਿਆਂ ਅਤੇ ਵਿਸ਼ੇਸ਼ ਮਹਿਮਾਨਾਂ ਨੂੰ ਸਿਰੋਪਾ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਇਸ ਉਪਰੰਤ ਆਕਾਸ਼ ਵਿੱਚ ਡਰੋਨਾਂ ਰਾਹੀਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ ਅਤੇ ਉਨ੍ਹਾਂ ਦੀਆਂ ਸਿੱਖਿਆਵਾਂ 'ਤੇ ਆਧਾਰਿਤ ਸ਼ਾਨਦਾਰ ਪ੍ਰਦਰਸ਼ਨ ਪੇਸ਼ ਕੀਤਾ ਗਿਆ। ਆਕਾਸ਼ ਵਿੱਚ ਵੱਖ-ਵੱਖ ਆਕਾਰਾਂ ਅਤੇ ਦ੍ਰਿਸ਼ਾਂ ਰਾਹੀਂ ਗੁਰੂ ਜੀ ਦੇ ਜੀਵਨ ਨਾਲ ਜੁੜੇ ਸੰਦੇਸ਼ ਨੂੰ ਪੇਸ਼ ਕੀਤਾ ਗਿਆ, ਜਿਸ ਨੂੰ ਦੇਖ ਕੇ ਸੰਗਤਾਂ ਵਿੱਚ ਭਾਰੀ ਉਤਸ਼ਾਹ ਵੇਖਣ ਨੂੰ ਮਿਲਿਆ। ਇਸ ਮੌਕੇ ਸੰਬੋਧਨ ਕਰਦਿਆਂ ਸ਼੍ਰੀ ਰੋਹਿਤ ਸਿਆਲ ਹਲਕਾ ਇੰਚਾਰਜ ਪਠਾਨਕੋਟ ਨੇ ਪੰਜਾਬ ਸਰਕਾਰ ਅਤੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕਰਵਾਏ ਜਾ ਰਹੇ ਸਮਾਗਮ ਸ਼ਲਾਘਾਯੋਗ ਉਪਰਾਲਾ ਹੈ । ਸ੍ਰੀ ਸ੍ਰੀ 108 ਸਵਾਮੀ ਗੁਰਦੀਪ ਗਿਰੀ ਜੀ ਮਹਾਰਾਜ ਨੇ ਸੰਗਤਾਂ ਨੂੰ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ ਤੋਂ ਪ੍ਰੇਰਨਾ ਲੈਣ ਅਤੇ ਉਨ੍ਹਾਂ ਵੱਲੋਂ ਦਰਸਾਏ ਭਗਤੀ, ਸਮਾਨਤਾ, ਭਾਈਚਾਰਕ ਸਾਂਝ ਅਤੇ ਆਪਸੀ ਪਿਆਰ ਦੇ ਮਾਰਗ 'ਤੇ ਚੱਲਣ ਦਾ ਸੰਦੇਸ਼ ਦਿੱਤਾ। ਉਨ੍ਹਾਂ ਪੰਜਾਬ ਸਰਕਾਰ ਵੱਲੋਂ ਕੀਤੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦਾ ਧੰਨਵਾਦ ਕੀਤਾ। ਇਸ ਮੌਕੇ ਐਸਡੀਐਮ ਪਠਾਣਕੋਟ ਮਨਦੀਪ ਮਾਨ, ਠੇਕੇਦਾਰ ਅਮਰਜੀਤ ਸਿੰਘ ਐਸਸੀ ਵਿੰਗ ਪੰਜਾਬ, ਸੁਮੀਰ ਸ਼ਾਰਦਾ ਚੇਅਰਮੈਨ ਮਾਰਕੀਟ ਕਮੇਟੀ, ਸੌਰਭ ਬਹਿਲ ਚੇਅਰਮੈਨ ਨਗਰ ਸੁਧਾਰ ਟਰੱਸਟ, ਰਾਮ ਲੁਭਾਇਆ ਜਿਲ੍ਹਾ ਲੋਕ ਸੰਪਰਕ ਅਫਸਰ ਪਠਾਨਕੋਟ, ਪਰਮਿੰਦਰ ਸਿੰਘ ਐਸ ਡੀ ਓ ਲੋਕ ਨਿਰਮਾਣ ਵਿਭਾਗ, ਨਤਿੰਦਰ ਸਿੰਘ ਟਰੱਸਟੀ ਨਗਰ ਸੁਧਾਰ, ਦੀਪਕ ਸ਼ਰਮਾ ਚੇਅਰਮੈਨ ਬ੍ਰਾਹਮਣ ਵੈਲਫੇਅਰ ਬੋਰਡ, ਸੁਭਾਸ਼ ਵਰਮਾ ਸੂਬਾ ਸਕੱਤਰ, ਰੋਹਿਤ ਵਰਮਾ ਚੇਅਰਮੈਨ ਸਵਰਨਕਾਰ ਬੋਰਡ, ਰੇਖਾ ਮਣੀ ਸ਼ਰਮਾ ਮੈਂਬਰ ਮਹਿਲਾ ਕਮਿਸ਼ਨ ਪੰਜਾਬ, ਡੀਜੀ ਸਿੰਘ ਡਿਪਟੀ ਡੀਈਓ, ਡਾਕਟਰ ਸੋਮਾ ਅਤਰੀ ਸਕੱਤਰ ਡੇਰਾ ਸਵਾਮੀ ਜਗਤਗਿਰੀ, ਸ੍ਰੀ ਰਵਿਦਾਸ ਸਭਾ ਤੋਂ ਸੁਭਾਸ਼ ਕਾਲਾ ਜੀ, ਪ੍ਰੇਮ ਸਿੰਘ ਅਤੇ ਕੇਵਲ ਕ੍ਰਿਸ਼ਨ, ਡਾਕਟਰ ਮੋਹਨ ਲਾਲ ਅੱਤਰੀ, ਸਮੇਤ ਆਮ ਆਦਮੀ ਪਾਰਟੀ ਦੇ ਅਹੁਦੇਦਾਰ ਅਤੇ ਵੱਡੀ ਗਿਣਤੀ ਵਿੱਚ ਸੰਗਤ ਹਾਜ਼ਰ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




★ ਜਾਰੀ ਕਰਤਾ ★

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

+447458381111 +447976210161 +919729091243